<u>Punjabi</u> - ਇੱਛਾ ਸ਼ਾਸਤਰ - <u>Lust Scriptures</u>

ਖ਼ਰੋਜ 15:9 "ਦੁਸ਼ਮਣ ਨੇ ਆਖਿਆ,'ਮੈਂ ਉਨ੍ਹਾਂ ਦਾ ਪਿੱਛਾ ਕਰਾਂਗਾ ਤੇ ਉਨ੍ਹਾਂ ਨੂੰ ਫ਼ੜ ਲਵਾਂਗਾ।ਮੈਂ ਉਨ੍ਹਾਂ ਦੀ ਦੌਲਤ ਵੰਡ ਲਵਾਂਗਾ।ਮੈਂ ਇਹ ਸਭ ਕੁਝ ਆਪਣੀ ਤਲਵਾਰ ਨਾਲ ਖੋਹ ਲਵਾਂਗਾ।ਮੇਰੀ ਖੁਦ ਦੀ ਸ਼ਕਤੀ ਉਨ੍ਹਾਂ ਨੂੰ ਤਬਾਹ ਕਰੇਗੀ।'

ਖ਼ਰੋਜ 18:21 ਪਰ ਤੈਨੂੰ ਕੁਝ ਚੰਗੇ ਲੋਕਾਂ ਨੂੰ ਨਿਆਂਕਾਰ ਤੇ ਆਗੂ ਵੀ ਚੁਣਨਾ ਚਾਹੀਦਾ ਹੈ।"ਉਨ੍ਹਾਂ ਨੇਕ ਆਦਮੀਆਂ ਨੂੰ ਚੁਣ ਜਿਨ੍ਹਾਂ ਉੱਤੇ ਤੂੰ ਭਰੋਸਾ ਕਰ ਸਕਦਾ ਹੈਂ - ਉਹ ਆਦਮੀ ਜਿਹੜੇ ਪਰਮੇਸ਼ੁਰ ਦੀ ਇੱਜ਼ਤ ਕਰਦੇ ਹਨ। ਉਨ੍ਹਾਂ ਲੋਕਾਂ ਨੂੰ ਚੁਣ ਜਿਹੜੇ ਪੈਸੇ ਖਾਤਰ ਆਪਣੇ ਫ਼ੈਸਲੇ ਨਾ ਬਦਲਣ। ਅਤੇ ਇਨ੍ਹਾਂ ਆਦਮੀਆਂ ਨੂੰ ਲੋਕਾਂ ਦੇ ਹਾਕਮ ਬਣਾ। ਇੱਕ ਹਜ਼ਾਰ ਆਦਮੀਆਂ, ਸੌ ਆਦਮੀਆਂ, ਪੰਜਾਹ ਆਦਮੀਆਂ ਅਤੇ ਦਸ ਆਦਮੀਆਂ ਉੱਪਰ ਵੀ ਹਾਕਮ ਹੋਣੇ ਚਾਹੀਦੇ ਹਨ।

ਖ਼ਰੋਜ 20:14 "ਤੁਹਾਨੂੰ ਵਿਭਚਾਰ ਦਾ ਪਾਪ ਨਹੀਂ ਕਰਨਾ ਚਾਹੀਦਾ।

ਖ਼ਰੋਜ 20:17 "ਤੁਹਾਨੂੰ ਆਪਣੇ ਗੁਆਂਢੀ ਦੇ ਘਰ ਦੀ ਇਛਾ ਨਹੀਂ ਕਰਨੀ ਚਾਹੀਦੀ। ਤੁਹਾਨੂੰ ਤੁਹਾਡੇ ਗੁਆਂਢੀ ਦੀ ਪਤਨੀ, ਉਸਦੇ ਦਾਸ ਜਾਂ ਦਾਸੀਆਂ, ਉਸਦੇ ਬਲਦ ਜਾਂ ਖੋਤੇ ਜਾਂ ਤੁਹਾਡੇ ਗੁਆਂਢੀ ਨਾਲ ਸੰਬੰਧਿਤ ਕਿਸੇ ਵੀ ਚੀਜ਼ ਨੂੰ ਪਾਉਣ ਦੀ ਇਛਾ ਨਹੀਂ ਕਰਨੀ ਚਾਹੀਦੀ।"

ਗਿਣਤੀ 11:4 ਉਹ ਵਿਦੇਸ਼ੀ ਜਿਹੜੇ ਇਸਰਾਏਲ ਦੇ ਲੋਕਾਂ ਨਾਲ ਰਲ ਗਏ ਸਨ, ਉਨ੍ਹਾਂ ਨੇ ਖਾਣ ਲਈ ਹੋਰਨਾਂ ਚੀਜ਼ਾਂ ਦੀ ਆਪਣੀ ਇੱਛਾ ਦਰਸਾਈ। ਛੇਤੀ ਹੀ ਇਸਰਾਏਲ ਦੇ ਸਮੂਹ ਲੋਕ ਫ਼ੇਰ ਸ਼ਿਕਾਇਤ ਕਰਨ ਲੱਗੇ ਅਤੇ ਆਖਿਆ, "ਸਾਨੂੰ ਖਾਣ ਲਈ ਮਾਸ ਕੌਣ ਦੇਵੇਗਾ?"

ਅਸਤਸਨਾ 5:21 'ਤੁਸੀਂ ਕਿਸੇ ਗੈਰ ਆਦਮੀ ਦੀ ਪਤਨੀ ਦੀ ਕਾਮਨਾ ਨਹੀਂ ਕਰੋਂਗੇ। ਤੁਸੀਂ ਉਸਦੇ ਮਕਾਨਾਂ, ਉਸਦੇ ਖੇਤਾਂ, ਉਸਦੇ ਨੌਕਰ, ਨੌਕਰਾਣੀਆਂ, ਉਸ ਦੀਆਂ ਗਾਵਾਂ ਜਾਂ ਉਸਦੇ ਖੋਤਿਆਂ ਦੀ ਇਛਾ ਨਹੀਂ ਕਰੋਂਗੇ। ਤੁਸੀਂ ਕਿਸੇ ਹੋਰ ਦੀ ਕਿਸੇ ਵੀ ਚੀਜ਼ ਦੀ ਇਛਾ ਨਹੀਂ ਕਰੋਂਗੇ!'"

ਅਸਤਸਨਾ 12:20 "ਯਹੋਵਾਹ, ਤੁਹਾਡੇ ਪਰਮੇਸ਼ੁਰ, ਨੇ ਤੁਹਾਡੇ ਦੇਸ਼ ਨੂੰ ਵੱਡੇਰਾ ਕਰਨ ਦਾ ਇਕਰਾਰ ਕੀਤਾ ਸੀ। ਜਦੋਂ ਯਹੋਵਾਹ ਅਜਿਹਾ ਕਰੇਗਾ, ਹੋ ਸਕਦਾ ਹੈ ਕਿ ਤੁਸੀਂ ਉਸਦੇ ਖਾਸ ਸਥਾਨ ਤੋਂ ਬਹੁਤ ਦੂਰ ਰਹਿੰਦੇ ਹੋਵੋ। ਜੇ ਉਹ ਥਾਂ ਬਹੁਤ ਦੂਰ ਹੋਵੇ, ਅਤੇ ਤੁਹਾਨੂੰ ਮਾਸ ਦੀ ਭੁਖ ਹੋਵੇ ਫ਼ੇਰ ਤੁਸੀਂ ਕੋਈ ਵੀ ਮਾਸ ਖਾ ਸਕਦੇ ਹੋ ਜਿਹੜਾ ਤੁਹਾਡੇ ਕੋਲ ਹੋਵੇ। ਤੁਸੀਂ ਯਹੋਵਾਹ ਦੇ ਦਿੱਤੇ ਹੋਏ ਇੱਜੜ ਵਿੱਚੋਂ ਕਿਸੇ ਵੀ ਜਾਨਵਰ ਨੂੰ ਮਾਰ ਸਕਦੇ ਹੋ। ਅਜਿਹਾ ਉਸੇ ਤਰ੍ਹਾਂ ਕਰਨਾ ਜਿਵੇਂ ਮੈਂ ਤੁਹਾਨੂੰ ਆਦੇਸ਼ ਦਿੱਤਾ ਹੈ। ਜਿਥੇ ਤੁਸੀਂ ਰਹਿੰਦੇ ਹੋ ਤੁਸੀਂ ਉਥੇ ਜਿਸ ਵੇਲੇ ਚਾਹੋਂ ਇਹ ਮਾਸ ਖਾ ਸਕਦੇ ਹੋ।

ਅਸਤਸਨਾ 22:22 "ਜੇ ਕੋਈ ਬੰਦਾ ਕਿਸੇ ਹੋਰ ਦੀ ਪਤਨੀ ਨਾਲ ਜਿਸਨੂੰ ਸੰਬੰਧ ਰੱਖਦਾ ਫ਼ੜਿਆ ਜਾਂਦਾ ਹੈ ਤਾਂ ਉਨ੍ਹਾਂ ਦੋਹਾਂ ਨੂੰ ਮਰਨਾ ਚਾਹੀਦਾ ਹੈ - ਉਸ ਔਰਤ ਅਤੇ ਉਸ ਮਰਦ ਨੂੰ ਜਿਸਨੇ ਉਸਦੇ ਨਾਲ ਜਿਨਸੀ ਸੰਬੰਧ

ਰੱਖੇ। ਤੁਹਾਨੂੰ ਚਾਹੀਦਾ ਹੈ ਕਿ ਇਸ ਬਦੀ ਨੂੰ ਇਸਰਾਏਲ ਵਿੱਚੋਂ ਦੂਰ ਕਰ ਦਿਉ।

ਯਸ਼ਵਾ 7:21 ਅਸੀਂ ਯਰੀਹੋ ਦੇ ਸ਼ਹਿਰ ਉੱਤੇ ਕਬਜ਼ਾ ਕਰ ਲਿਆ ਸੀ ਅਤੇ ਉਸਦੇ ਨਾਲ ਸਾਰੀਆਂ ਚੀਜ਼ਾਂ ਉੱਤੇ ਵੀ ਮੈਂ ਬੇਬੀਲੋਨ ਦਾ ਇੱਕ ਖੂਬਸੂਰਤ ਕੋਟ ਤਕਰੀਬਨ 15 ਪੌਂਡ ਚਾਂਦੀ, ਅਤੇ ਸੋਨੇ ਦਾ ਇੱਕ ਪੌਂਡ ਦੇਖਿਆ। ਮੈਂ ਇਹ ਚੀਜ਼ਾਂ ਆਪਣੇ ਵਾਸਤੇ ਚਾਹੁੰਦਾ ਸੀ। ਇਸ ਲਈ ਮੈਂ ਇਹ ਚੁੱਕ ਲਈਆਂ। ਤੁਹਾਨੂੰ ਉਹ ਚੀਜ਼ਾਂ ਮੇਰੇ ਤੰਬੂ ਦੀ ਜ਼ਮੀਨ ਹੇਠਾਂ ਦੱਬੀਆਂ ਹੋਈਆਂ ਮਿਲਣਗੀਆਂ। ਚਾਂਦੀ ਕੋਟ ਦੇ ਹੇਠਾਂ ਹੈ।"

ਜ਼ਬੂਰ 10:3 ਦੁਸ਼ਟ ਲੋਕੀਂ ਉਨ੍ਹਾਂ ਚੀਜ਼ਾਂ ਬਾਰੇ ਸ਼ੇਖੀ ਮਾਰਦੇ ਨੇ ਜਿਨ੍ਹਾਂ ਦੀ ਉਹ ਇਛਾ ਕਰਦੇ ਨੇ ਅਤੇ ਉਹ ਲੋਭੀ ਲੋਕੀਂ ਪਰਮੇਸ਼ੁਰ ਦੀ ਬੁਰਾਈ ਕਰਦੇ ਹਨ। ਇਸ ਤੋਂ ਇਲਾਵਾ ਇਸ ਤਰ੍ਹਾਂ ਉਹ ਬੁਰੇ ਲੋਕ ਦਰਸ਼ਾਉਂਦੇ ਹਨ ਕਿ ਉਹ ਯਹੋਵਾਹ ਨੂੰ ਵੀ ਨਫ਼ਰਤ ਕਰਦੇ ਹਨ।

ਜ਼ਬੂਰ 78:18 ਫ਼ੇਰ ਉਨ੍ਹਾਂ ਨੇ ਪਰਮੇਸ਼ੁਰ ਨੂੰ ਪਰਖਣ ਦਾ ਫ਼ੈਸਲਾ ਕੀਤਾ। ਉਨ੍ਹਾਂ ਨੇ ਸਿਰਫ਼ ਆਪਣੀ ਭੋਜਨ ਖਾਣ ਦੀ ਇਛਾ ਨੂੰ ਸੰਤੁਸ਼ਟ ਕਰਨ ਲਈ ਭੋਜਨ ਮੰਗਿਆ।

ਜ਼ਬੂਰ 78:30 ਉਨ੍ਹਾਂ ਨੇ ਆਪਣੀਆਂ ਭੁਖਾਂ ਨੂੰ ਕਾਬੂ ਵਿੱਚ ਨਹੀਂ ਰੱਖਿਆ। ਇਸ ਲਈ ਉਹ ਪੰਛੀਆਂ ਵਿੱਚੋਂ ਲਹੂ ਵਗ ਜਾਣ ਤੋਂ ਪਹਿਲਾਂ ਹੀ ਕੋਇਲਾਂ ਨੂੰ ਖਾ ਗਏ।

ਜ਼ਬੂਰ 81:12 ਇਸ ਲਈ ਮੈਂ ਉਨ੍ਹਾਂ ਨੂੰ ਮਨਮਾਨੀਆਂ ਕਰਨ ਦਿੱਤੀਆਂ, ਇਸਰਾਏਲ ਨੇ ਉਹੀ ਕੀਤਾ ਜੋ ਉਨ੍ਹਾਂ ਨੇ ਚਾਹਿਆ।

ਜ਼ਬੂਰ 106:14 ਮਾਰੂਥਲ ਵਿੱਚ ਸਾਡੇ ਪੁਰਖਿਆ ਨੂੰ ਬਹੁਤ ਭੁਖ ਲਗੀ ਅਤੇ ਉਨ੍ਹਾਂ ਨੇ ਬੀਆਬਾਨ ਵਿੱਚ ਪਰਮੇਸ਼ੁਰ ਦੀ ਪਰਖ ਕੀਤੀ।

ਜ਼ਬੂਰ 119:36 ਆਪਣੇ ਕਰਾਰ ਬਾਰੇ ਸੋਚਣ ਵਿੱਚ ਮੇਰੀ ਮਦਦ ਕਰੋ ਬਜਾਇ ਇਸਦੇ ਕਿ ਮੈਂ ਅਮੀਰ ਕਿਵੇਂ ਹੋਵਾਂ?

ਅਮਸਾਲ 1:19 ਲੋਭੀ ਬੰਦਿਆਂ ਨੂੰ ਹਮੇਸ਼ਾ ਉਨ੍ਹਾਂ ਦੇ ਅਮਲ ਹੀ ਤਬਾਹ ਕਰਦੇ ਹਨ।

ਅਮਸਾਲ 6:25 ਉਸਦੀ ਖੂਬਸੂਰਤੀ ਦੀ ਇੱਛਾ ਨਾ ਕਰੋ, ਉਸਨੂੰ ਅੱਖਾਂ ਦੀਆਂ ਪੁਤਲੀਆਂ ਨਾਲ ਤੁਹਾਨੂੰ ਲੁਭਾਉਣ ਨਾ ਦਿਓ।

ਅਮਸਾਲ 15:27 ਇੱਕ ਲੋਭੀ ਵਿਅਕਤੀ ਆਪਣੇ ਸਾਰੇ ਟੱਬਰ ਤੇ ਵਿਨਾਸ਼ ਲਿਆਉਂਦਾ, ਪਰ ਜਿਹੜਾ ਵਿਅਕਤੀ ਰਿਸ਼ਵਤ ਨੂੰ ਨਫ਼ਰਤ ਕਰਦਾ ਹੈ, ਜਿਉਵੇਂਗਾ।

ਅਮਸਾਲ 21:25,26 ਆਲਸੀ ਬੰਦੇ ਦੇ ਸਪਨੇ ਉਸਦੀ ਮੌਤ ਹੋਣਗੇ, ਕਿਉਂ ਜੁ ਉਸਦੇ ਹੱਥ ਕੰਮ ਕਰਨੋ ਇਨਕਾਰੀ ਹੁੰਦੇ ਹਨ। 26 ਅਜਿਹੇ ਲੋਕ ਹੁੰਦੇ ਹਨ ਜੋ ਹਰ ਵਕਤ, ਹੋਰ ਪਾਉਣ ਦੀ ਇੱਛਾ ਰੱਖਦੇ ਹਨ, ਪਰ ਇੱਕ ਧਰਮੀ ਵਿਅਕਤੀ ਖੁਲੇ ਦਿਲ ਨਾਲ ਦਿੰਦਾ ਹੈ।

ਅਮਸਾਲ 28:16 ਜਿਸ ਸ਼ਾਸਕ ਕੋਲ ਸਮਝਦਾਰੀ ਨਹੀਂ ਹੁੰਦੀ ਉਹ ਅਤਿਆਚ੍ਰਾਰੀ ਹੁੰਦਾ ਹੈ, ਪਰ ਜਿਹੜਾ ਸ਼ਾਸਕ ਦੌਲਤ ਬਦ-ਮਰਮਾਂ ਰਾਹੀ ਕਮਾਈ ਨੂੰ ਨਫ਼ਰਤ ਕਰਦਾ ਹੈ, ਬਹੁਤ ਚਿਰ ਸ਼ਾਸਨ ਕਰਦਾ ਹੈ।

ਯਸਈਆਹ 56:11 ਉਹ ਭੁੱਖੇ ਕੁਤਿਆਂ ਵ੍ਰਰਗੇ ਨੇ। ਉਹ ਕਦੇ ਨਹੀਂ ਰਜ੍ਜਦੇ। ਅਯਾਲੀ ਨਹੀਂ ਜਾਣਦੇ ਕਿ ਉਹ

ਕੀ ਕਰ ਰਹੇ ਨੇ। ਉਹ ਆਪਣੀਆਂ ਭੇਡਾਂ ਸਮਾਨ ਹੀ ਹਨ ਜਿਹੜੀਆਂ ਸਾਰੀਆਂ ਹੀ ਭਟਕ ਗਈਆਂ ਨੇ। ਉਹ ਲਾਲਚੀ ਨੇ, ਉਹ ਸਿਰਫ਼ ਆਪਣੇ-ਆਪ ਨੂੰ ਹੀ ਸੰਤੁਸ਼ਟ ਕਰਨਾ ਜਾਣਦੇ ਨੇ।

ਯਸਈਆਹ 57:17 ਇਨ੍ਹਾਂ ਲੋਕਾਂ ਨੇ ਮੰਦੇ ਕੰਮ ਕੀਤੇ ਨੇ, ਤੇ ਇਨ੍ਹਾਂ ਨੇ ਮੇਰਾ ਰੋਹ ਜਗਾਇਆ ਹੈ। ਇਸ ਵਾਸਤੇ ਮੈਂ ਇਸਰਾਏਲ ਨੂੰ ਸਜ਼ਾ ਦਿੱਤੀ। ਮੈਂ ਉਸ ਕੋਲੋਂ ਮੂੰਹ ਮੋੜ ਲਿਆ ਕਿਉਂ ਕਿ ਮੈਂ ਕਹਿਰਵਾਨ ਸਾਂ। ਅਤੇ ਇਸਰਾਏਲ ਨੇ ਮੈਨੂੰ ਛੱਡ ਦਿੱਤਾ। ਉਹ ਉਧਰ ਚਲਾ ਗਿਆ ਜਿਧ੍ਧਰ ਉਸਦਾ ਮਨ ਕੀਤਾ।

ਯਰਮਿਆਹ 6:13 "ਇਸਰਾਏਲ ਦੇ ਸਾਰੇ ਹੀ ਲੋਕ ਹੋਰ-ਹੋਰ ਪੈਸਾ ਚਾਹੁੰਦੇ ਨੇ। ਸਾਰੇ ਹੀ ਲੋਕ, ਸਭ ਤੋਂ ਨਿਗੂਣਿਆਂ ਤੋਂ ਲੈਕੇ ਸਭ ਤੋਂ ਮਹੱਤਵਪੂਰਣ ਲੋਕਾਂ ਤੀਕ ਇਹੋ ਜਿਹੇ ਹੀ ਹਨ। ਸਾਰੇ ਹੀ ਲੋਕ, ਨਬੀਆਂ ਤੋਂ ਲੈਕੇ ਜਾਜਕਾਂ ਤੀਕ, ਬੋਲਦੇ ਨੇ ਝੂਠ।

ਯਰਮਿਆਹ 22:17 ਯਹੋਯਾਕੀਮ, ਤੇਰੀਆਂ ਅੱਖਾਂ ਸਿਰਫ ਓਸੇ ਚੀਜ਼ ਵੱਲ ਦੇਖਦੀਆਂ ਨੇ, ਜਿਸਤੋਂ ਤੈਨੂੰ ਲਾਭ ਹੁੰਦਾ ਹੈ। ਤੂੰ ਹਰ ਵੇਲੇ ਆਪਣੇ ਲਈ ਹੋਰ ਵਧੇਰੇ ਪ੍ਰਾਪਤ ਕਰਨ ਲਈ ਸੋਚਦਾ ਹੈਂ। ਤੂੰ ਮਸੂਮਾਂ ਨੂੰ ਕਤਲ ਕਰਨ ਲਈ ਤਿਆਰ ਹੈਂ। ਤੂੰ ਹੋਰਨਾਂ ਲੋਕਾਂ ਦੀਆਂ ਚੀਜ਼ਾਂ ਚੋਰੀ ਕਰਨ ਲਈ ਤਿਆਰ ਹੈਂ।

ਯਰਮਿਆਹ 51:13 ਬਾਬਲ, ਤੂੰ ਅਬਾਹ ਪਾਣੀ ਨੇੜੇ ਰਹਿੰਦਾ ਹੈਂ। ਤੂੰ ਖਜ਼ਾਨਿਆਂ ਨਾਲ ਅਮੀਰ ਹੈਂ। ਪਰ ਇੱਕ ਕੌਮ ਵਜੋਂ ਤੇਰਾ ਅੰਤ ਆ ਗਿਆ ਹੈ। ਤੇਰੀ ਬਰਬਾਦੀ ਦਾ ਸਮਾਂ ਆ ਗਿਆ ਹੈ।

ਹਿਜ਼ ਕੀ ਐਲ 6:9 ਫ਼ੇਰ ਉਹ ਬਚੇ ਹੋਏ ਲੋਕਾਂ ਨੂੰ ਬੰਦੀ ਬਣਾ ਲਿਆ ਜਾਵੇਗਾ। ਉਨ੍ਹਾਂ ਨੂੰ ਹੋਰਨਾਂ ਦੇਸਾਂ ਅੰਦਰ ਰਹਿਣ ਲਈ ਮਜ਼ਬੂਰ ਹੋਣਾ ਪਵੇਗਾ। ਪਰ ਉਹ ਬਚੇ ਹੋਏ ਲੋਕ ਮੈਨੂੰ ਚੇਤੇ ਕਰਨਗੇ। ਮੈਂ ਉਨ੍ਹਾਂ ਦਾ ਬੇਵਫਾ ਆਤਮਾ ਤੋੜ ਦਿੱਤਾ ਸੀ। ਉਹ ਆਪਣੇ ਕੀਤੇ ਹੋਏ ਮੰਦੇ ਕੰਮਾਂ ਲਈ ਖੁਦ ਨੂੰ ਨਫ਼ਰਤ ਕਰਨਗੇ। ਅਤੀਤ ਵਿੱਚ, ਉਨ੍ਹਾਂ ਨੇ ਮੇਰੇ ਕੋਲੋਂ ਮੂੰਹ ਮੋੜ ਲਿਆ ਸੀ ਅਤੇ ਮੈਨੂੰ ਛੱਡ ਦਿੱਤਾ ਸੀ। ਉਹ ਆਪਣੇ ਬੁੱਤਾਂ ਦੇ ਪਿੱਛੇ ਭੱਜੇ ਸਨ। ਉਹ ਉਸ ਔਰਤ ਵਾਂਗ ਸਨ ਜਿਹੜੀ ਆਪਣੇ ਪਤੀ ਨੂੰ ਛੱਡ ਕੇ ਕਿਸੇ ਹੋਰ ਆਦਮੀ ਦੇ ਪਿੱਛੇ ਭੱਜਦੀ ਹੈ। ਉਨ੍ਹਾਂ ਨੇ ਅਨੇਕਾਂ ਭਿਆਨਕ ਗੱਲਾਂ ਕੀਤੀਆਂ।

ਹਿਜ਼ ਕੀ ਐਲ 14:4,5 ਪਰ ਮੈਂ ਇਨ੍ਹਾਂ ਨੂੰ ਜਵਾਬ ਦਿਆਂਗਾ। ਮੈਂ ਇਨ੍ਹਾਂ ਨੂੰ ਸਜ਼ਾ ਦਿਆਂਗਾ! ਤੈਨੂੰ ਚਾਹੀਦਾ ਹੈ ਕਿ ਇਨ੍ਹਾਂ ਲੋੋਕਾਂ ਨੂੰ ਇਹ ਗੱਲਾਂ ਜ਼ਰੂਰ ਦਸ੍ਸੇਂ। 'ਯਹੋਵਾਹ ਮੇਰਾ ਪ੍ਰਭੂ ਆਖਦਾ ਹੈ: ਜੇ ਕੋਈ ਇਸਰਾਏਲੀ ਕਿਸੇ ਨਬੀ ਪਾਸ ਆਉਂਦਾ ਹੈ ਅਤੇ ਮੇਰੀ ਸਲਾਹ ਮੰਗਦਾ ਹੈ, ਤਾਂ ਨਬੀ ਉਸ ਬੰਦੇ ਨੂੰ ਜਵਾਬ ਨਹੀਂ ਦੇਵੇਗਾ ਮੈਂ ਖੁਦ ਉਸ ਬੰਦੇ ਦੇ ਸਵਾਲ ਦਾ ਜਵਾਬ ਦੇਵਾਂਗਾ। ਮੈਂ ਉਸਨੂੰ ਜਵਾਬ ਦੇਵਾਂਗਾ ਭਾਵੇਂ ਉਸਦੇ ਕੋਲ ਹਾਲੇ ਵੀ ਬੁੱਤ ਹੋਣ, ਭਾਵੇਂ ਉਸਨੇ ਉਹ ਚੀਜ਼ਾਂ ਰੱਖੀਆਂ ਹੋਈਆਂ ਹੋਣ ਜਿਨ੍ਹਾਂ ਨੇ ਉਸ ਕੋਲੋਂ ਪਾਪ ਕਰਵਾਏ, ਅਤੇ ਭਾਵੇਂ ਉਹ ਹਾਲੇ ਵੀ ਉਨ੍ਹਾਂ ਮੂਰਤੀਆਂ ਦੀ ਉਪਸਨਾ ਕਰਦਾ ਹੋਵੇ। ਮੈਂ ਉਸ ਨਾਲ ਉਸਦੇ ਇਨ੍ਹਾਂ ਸਾਰੇ ਬੁੱਤਾਂ ਦੇ ਬਾਵਜੂਦ ਗੱਲ ਕਰਾਂਗਾ। 5 ਕਿਉਂ ਕਿ ਮੈਂ ਉਨ੍ਹਾਂ ਦੇ ਦਿਲਾਂ ਨੂੰ ਛੂਹਣਾ ਚਾਹੁੰਦਾ ਹਾਂ। ਮੈਂ ਉਨ੍ਹਾਂ ਨੂੰ ਇਹ ਦਰਸਾਉਣਾ ਚਾਹੁੰਦਾ ਹਾਂ ਕਿ ਮੈਂ ਉਨ੍ਹਾਂ ਨੂੰ ਪਿਆਰ ਕਰਦਾ ਹਾਂ, ਭਾਵੇਂ ਉਨ੍ਹਾਂ ਨੇ ਮੈਨੂੰ ਬੁੱਤਾਂ ਕਾਰਣ ਛੱਡ ਦਿੱਤਾ ਹੈ।'

ਹਿਜ਼ ਕੀ ਐਲ 22:12 'ਯਰੂਸ਼ਲਮ ਵਿੱਚ, ਤੁਸੀਂ ਲੋਕ ਲੋਕਾਂ ਨੂੰ ਮਾਰਨ ਲਈ ਪੈਸਾ ਲੈਂਦੇ ਹੋ। ਤੁਸੀਂ ਲੋਕ ਪੈਸਾ ਉਧਾਰ ਦਿੰਦੇ ਹੋ ਅਤੇ ਉਨ੍ਹਾਂ ਕਰਜ਼ਿਆਂ ਉੱਤੇ ਸੂਦ ਵਸੂਲ ਕਰਦੇ ਹੋ। ਤੁਸੀਂ ਲੋਕ ਥੋੜੇ ਜਿੰਨੇ ਪੈਸੇ ਲਈ ਆਪਣੇ

ਗੁਵਾਂਢੀਆਂ ਨੂੰ ਧੋਖਾ ਦਿੰਦੇ ਹੋ। ਅਤੇ ਤੁਸੀਂ ਲੋਕਾਂ ਨੇ ਮੈਨੂੰ ਭੁਲਾ ਦਿੱਤਾ ਹੈ।' ਯਹੋਵਾਹ ਮੇਰਾ ਪ੍ਰਭੂ ਨੇ ਇਹ ਗੱਲਾਂ ਆਖੀਆਂ।

ਹਿਜ਼ ਕੀ ਐਲ 33:31 ਇਸ ਲਈ ਉਹ ਤੇਰੇ ਕੋਲ ਇਸ ਤਰ੍ਹਾਂ ਆਉਂਦੇ ਹਨ ਜਿਵੇਂ ਉਹ ਮੇਰੇ ਬੰਦੇ ਹੋਣ। ਉਹ ਤੇਰੇ ਸਾਮ੍ਹਣੇ ਇਸ ਤਰ੍ਹਾਂ ਬੈਠਦੇ ਹਨ ਜਿਵੇਂ ਉਹ ਮੇਰੇ ਬੰਦੇ ਹੋਣ। ਉਹ ਤੇਰੇ ਸ਼ਬਦ ਸੁਣਦੇ ਹਨ। ਪਰ ਉਹ ਓਹੋ ਗੱਲਾਂ ਨਹੀਂ ਕਰਨਗੇ ਜਿਹੜੀਆਂ ਤੂੰ ਆਖਦਾ ਹੈਂ। ਉਹ ਸਿਰਫ਼ ਓਹੀ ਕਰਨਾ ਚਾਹੁੰਦੇ ਹਨ ਜੋ ਚੰਗਾ ਮਹਿਸੂਸ ਹੁੰਦਾ ਹੈ। ਉਹ ਸਿਰਫ਼ ਲੋਕਾਂ ਨੂੰ ਧੋਖਾ ਦੇਣਾ ਚਾਹੁੰਦੇ ਹਨ ਅਤੇ ਹੋਰ ਪੈਸਾ ਬਨਾਉਣਾ ਚਾਹੁੰਦੇ ਹਨ।

ਹੋ ਸੀਅ 4:12 ਮੇਰੇ ਲੋਕ ਲੱਕੜੀ ਦੀਆਂ ਸੋਟੀਆਂ ਤੋਂ ਸਲਾਹਾਂ ਪੁੱਛਦੇ ਹਨ। ਉਹ ਸੋਚਦੇ ਹਨ ਕਿ ਇਹ ਸੋਟੀਆਂ ਉਨ੍ਹਾਂ ਦੀਆਂ ਸਮਸਿਆਵਾਂ ਦਾ ਉੱਤਰ ਦੇ ਸਕਦੀਆਂ ਹਨ। ਕਿਉਂ ਕਿ ਉਹ ਵੇਸਵਾਵਾਂ ਵਾਂਗ ਝੂਠੇ ਦੇਵਤਿਆਂ ਮਗਰ ਭੱਜਦੇ ਹਨ। ਉਨ੍ਹਾਂ ਨੇ ਪਰਮੇਸ਼ੁਰ ਨੂੰ ਛੱਡ ਦਿੱਤਾ ਅਤੇ ਵੇਸਵਾਵਾਂ ਵਾਂਗ ਵਿਖਾਵਾ ਕੀਤਾ।

ਹੋ ਸੀਅ 5:4 ਇਸਰਾਏਲੀਆਂ ਨੇ ਬਹੁਤ ਕੁਕਰਮ ਕੀਤੇ ਹਨ। ਜਿਹੜੇ ਹੁਣ ਉਨ੍ਹਾਂ ਨੂੰ ਪਰਮੇਸ਼ੁਰ ਵੱਲ ਪਰਤਨ ਤੋਂ ਰੋਕਦੇ ਹਨ। ਉਹ ਹੋਰਨਾਂ ਦੇਵਤਿਆਂ ਨੂੰ ਮੰਨਣ ਦੇ ਰਾਹਾਂ ਬਾਰੇ ਵੀ ਸੋਚਦੇ ਰਹਿੰਦੇ ਹਨ, ਅਤੇ ਉਹ ਯਹੋਵਾਹ ਨੂੰ ਨਹੀਂ ਜਾਣਦੇ।

ਯਵਨਾਹ 2:2 ਉਹ ਖੇਤ ਚਾਹੁੰਦੇ ਹਨ, ਇਸ ਲਈ ਉਹ ਇਨ੍ਹਾਂ ਨੂੰ ਖੋਹ ਲੈਂਦੇ ਹਨ। ਉਹ ਘਰ ਚਾਹੁੰਦੇ ਹਨ, ਇਸ ਲਈ ਉਹ ਇਨ੍ਹਾਂ ਨੂੰ ਖੋਹ ਲੈਂਦੇ ਹਨ। ਉਹ ਇੱਕ ਆਦਮੀ ਤੋਂ ਘਰ ਖੋਹ ਲੈਂਦੇ ਹਨ ਅਤੇ ਉਸਨੂੰ ਗੁਮਰਾਹ ਕਰਕੇ ਉਸ ਦੀ ਜ਼ਮੀਨ ਲੈ ਲੈਂਦੇ ਹਨ।

ਨਾ ਹੋਮ 3:4 ਇਹ ਸਭ ਨੀਨਵਾਹ ਕਾਰਣ ਹੋਇਆ ਨੀਨਵਾਹ ਉਸ ਵੇਸਵਾ ਵਾਂਗ ਹੈ ਜੋ ਕਦੇ ਸੰਤੁਸਟ ਨਹੀਂ ਹੁੰਦੀ। ਉਸਨੂੰ ਵਧ ਤੋਂ ਵਧ ਚਾਹੀਦਾ ਸੀ। ਉਸਨੇ ਆਪਣੇ-ਆਪ ਨੂੰ ਬਹੁਤ ਦੇਸਾਂ ਨੂੰ ਵੇਚਿਆ ਅਤੇ ਆਪਣਾ ਜਾਦੂ ਵਰਤਕੇ ਉਨ੍ਹਾਂ ਨੂੰ ਆਪਣਾ ਗੁਲਾਮ ਬਣਾ ਲਿਆ।

ਹਬਕੋਕ 2:9 ਉਸ ਬੰਦੇ ਨਾਲ ਮੰਦੀਆਂ ਗੱਲਾਂ ਵਾਪਰਨਗੀਆਂ ਜੋ ਬਦ-ਕਰਨੀਆਂ ਕਰਕੇ ਅਮੀਰ ਬਣਦਾ ਹੈ। ਅਜਿਹਾ ਬੰਦਾ ਸੁਰਖਿਅਤ ਥਾਂ ਤੇ ਰਹਿਣ ਲਈ ਉਹ ਕਰਨੀਆਂ ਕਰਦਾ ਹੈ। ਉਹ ਸੋਚਦਾ ਕਿ ਉਹ ਦੂਜੇ ਲੋਕਾਂ ਨੂੰ ਆਪਣੇ ਘਰੋ ਚੀਜ਼ਾਂ ਚੁਰਾਉਣ ਤੋਂ ਰੋਕ ਲਵੇਗਾ ਪਰ ਉਸ ਦੇ ਨਾਲ ਬੁਰੀਆਂ ਗੱਲਾਂ ਵਾਪਰਨਗੀਆਂ।

ਮੱਤੀ 5:28 ਪਰ ਮੈਂ ਤੁਹਾਨੂੰ ਦੱਸਦਾ ਹਾਂ ਕਿ ਜੇਕਰ ਕੋਈ ਵਿਅਕਤੀ ਕਿਸੇ ਔਰਤ ਵੱਲ ਜਿਨਸੀ ਨਜ਼ਰ ਨਾਲ ਵੇਖਦਾ ਹੈ, ਤਾਂ ਉਹ ਪਹਿਲਾਂ ਹੀ ਆਪਣੇ ਦਿਲੋਂ ਉਸ ਔਰਤ ਨਾਲ ਬਦਕਾਰੀ ਦਾ ਪਾਪ ਕਰ ਚੁਕਿਆ ਹੈ।

ਮਰਕੁਸ 4:19 ਪਰ ਜਦੋਂ ਇਸ ਜ਼ਿੰਦਗੀ ਦੀਆਂ ਚਿੰਤਾਵਾਂ, ਧਨ ਦੀ ਚਮਕ-ਦਮਕ ਅਤੇ ਸਾਰੀਆਂ ਚੀਜ਼ਾਂ ਤੇ ਕਬਜ਼ਾ ਕਰਨ ਦਾ ਲਾਲਚ ਉਨ੍ਹਾਂ ਦੇ ਦਿਲਾਂ ਵਿੱਚ ਆਉਂਦਾ ਹੈ ਤਾਂ, ਇਹ ਗੱਲਾਂ ਉਪਦੇਸ਼ਾਂ ਨੂੰ ਘੁੱਟ ਦਿੰਦੀਆਂ ਹਨ ਅਤੇ ਉਹ ਫ਼ਲ ਨਹੀਂ ਦੇਣ ਦਿੰਦੀਆਂ। ਇਸ ਲਈ ਉਹ ਅਫ਼ਲ ਰਹਿ ਜਾਂਦੇ ਹਨ।

ਮਰਕੁਸ 7:22 ਵਿਭਚਾਰ, ਸੁਆਰਥਪੁਣਾ, ਬੁਰਾ ਵਿਉਹਾਰ, ਪਾਪੀ ਗੱਲਾਂ, ਧੋਖਾ, ਈਰਖਾ, ਲੋਕਾਂ ਬਾਰੇ ਬੁਰਾ-ਭਲਾ ਕਹਿਣਾ, ਹੰਕਾਰੀ ਬੋਲ ਅਤੇ ਮੂਰਖਤਾਈ।

ਲੋਕਾ 3:14 ਸਿਪਾਹੀਆਂ ਨੇ ਯੂਹੰਨਾ ਨੂੰ ਆਖਿਆ, “ਸਾਨੂੰ ਦੱਸ ਕਿ ਸਾਨੂੰ ਕੀ ਕਰਨਾ ਚਾਹੀਦਾ ਹੈ?”ਤਾਂ ਉਸਨੇ

ਉਨ੍ਹਾਂ ਨੂੰ ਕਿਹਾ, ਜਬਰਦਸਤੀ ਕਿਸੇ ਤੋਂ ਪੈਸਾ ਇਕੱਠਾ ਨਾ ਕਰੋ। ਕਿਸੇ ਤੇ ਕੋਈ ਇਲਜ਼ਾਮ ਲਾਕੇ ਕੁਝ ਨਾ ਲਵੋ, ਸਿਰਫ਼ ਆਪਣੀ ਤਨਖਾਹ ਉੱਤੇ ਹੀ ਖੁਸ਼ ਰਹੋ।"

ਲੋਕਾ 12:15 ਤਾਂ ਯਿਸੂ ਨੇ ਉਨ੍ਹਾਂ ਨੂੰ ਕਿਹਾ, "ਸਾਵਧਾਨ ਰਹੋ! ਅਤੇ ਹਰ ਲੋਭ-ਲਾਲਚ ਤੋਂ ਆਪਣੇ ਆਪ ਨੂੰ ਦੂਰ ਰੱਖੋ ਕਿਉਂਕਿ ਕੋਈ ਬੰਦਾ ਆਪਣੀ ਵੱਡੀ ਦੌਲਤ ਤੋਂ ਜੀਵਨ ਪ੍ਰਾਪਤ ਨਹੀਂ ਕਰ ਸਕਦਾ।"

ਲੋਕਾ 16:14 ਜਦੋਂ ਪੈਸੇ ਨੂੰ ਪਿਆਰ ਕਰਨ ਵਾਲੇ ਫਰੀਸੀਆਂ ਨੇ ਇਹ ਸੁਣਿਆ ਤਾਂ ਉਨ੍ਹਾਂ ਨੇ ਯਿਸੂ ਦਾ ਮਜਾਕ ਉਡਾਇਆ।

ਯੂਹੰਨਾ 8:44 ਤੁਹਾਡਾ ਪਿਤਾ ਸ਼ੈਤਾਨ ਹੈ ਅਤੇ ਤੁਸੀਂ ਉਸਦੀ ਅੰਸ਼ ਹੋ ਤੇ ਸਿਰਫ ਉਹੀ ਕਰਨਾ ਚਾਹੁੰਦੇ ਹੋ ਜੋ ਉਸਨੂੰ ਪਸੰਦ ਹੈ। ਸ਼ੈਤਾਨ ਸ਼ੁਰੂ ਤੋਂ ਹੀ ਹਤਿਆਰਾ ਹੈ ਉਹ ਸੱਚ ਦੇ ਵਿਰੁੱਧ ਹੈ। ਉਸ ਵਿੱਚ ਕੋਈ ਸੱਚ ਨਹੀਂ। ਜਦ ਉਹ ਝੂਠ ਬੋਲਦਾ ਹੈ, ਉਹ ਆਪਣਾ ਅਸਲੀ ਸਵਰੂਪ ਪ੍ਰਗਟਾਉਂਦਾ ਹੈ। ਹਾਂ! ਸ਼ੈਤਾਨ ਝੂਠਾ ਹੈ ਅਤੇ ਉਹ ਝੂਠ ਦਾ ਪਿਤਾ ਹੈ।

ਰਸੂਲਾਂ ਦੇ ਕਰਤੱਬ 20:33 ਜਦੋਂ ਮੈਂ ਤੁਹਾਡੇ ਨਾਲ ਸਾਂ, ਤਾਂ ਮੈਂ ਕੋਈ ਸੋਨਾ, ਚਾਂਦੀ ਅਤੇ ਵਸਤਰ ਨਹੀਂ ਚਾਹੇ।

ਰੋਮੀਆਂ 1:24-29 ਲੋਕੀਂ ਪਾਪਾਂ ਨਾਲ ਭਰੇ ਹੋਏ ਸਨ ਅਤੇ ਸਿਰਫ਼ ਮੰਦੀਆਂ ਗੱਲਾਂ ਹੀ ਕਰਨਾ ਚਾਹੁੰਦੇ ਸਨ। ਇਸ ਲਈ ਪਰਮੇਸ਼ੁਰ ਨੇ ਉਨ੍ਹਾਂ ਨੂੰ ਉਨ੍ਹਾਂ ਦੇ ਪਾਪੀ ਰਾਹ ਵੱਲ ਜਾਣ ਲਈ ਛੱਡ ਦਿੱਤਾ। ਇਸ ਲਈ ਉਹ ਇੱਕ ਦੂਜੇ ਨਾਲ ਸ਼ਰਮਨਾਕ ਗੱਲਾਂ ਕਰਕੇ ਆਪਣੇ ਸ਼ਰੀਰਾਂ ਦੀ ਗਲਤ ਵਰਤੋਂ ਕਰਨ ਲੱਗੇ। 25 ਉਨ੍ਹਾਂ ਨੇ ਪਰਮੇਸ਼ੁਰ ਦੇ ਸੱਚ ਨੂੰ ਇੱਕ ਝੂਠ ਵਿੱਚ ਬਦਲ ਦਿੱਤਾ। ਉਨ੍ਹਾਂ ਨੇ ਉਸਦੀਆਂ ਬਣਾਈਆਂ ਹੋਈਆਂ ਚੀਜ਼ਾਂ ਦੀ ਉਪਾਸਨਾ ਅਤੇ ਸੇਵਾ ਕੀਤੀ ਪਰ ਉਸ ਪਰਮੇਸ਼ੁਰ ਦੀ ਨਹੀਂ, ਜਿਸਨੇ ਉਨ੍ਹਾ ਚੀਜ਼ਾਂ ਨੂੰ ਬਣਾਇਆ ਸੀ। ਸਿਰਫ਼ ਪਰਮੇਸ਼ੁਰ ਦੀ ਹੀ ਉਸਤਤਿ ਸਦੀਵੀ ਹੋਣੀ ਚਾਹੀਦੀ ਹੈ। ਆਮੀਨ। 26 ਪਰਮੇਸ਼ੁਰ ਨੇ ਉਨ੍ਹਾਂ ਨੂੰ ਸ਼ਰਮਸਾਰੀ ਵਾਲੀਆਂ ਗੱਲਾਂ ਕਰਨ ਲਈ ਛੱਡ ਦਿੱਤਾ, ਜਿਨ੍ਹਾਂ ਦੀ ਉਨ੍ਹਾਂ ਨੇ ਇੱਛਾ ਕੀਤੀ ਸੀ। ਉਨ੍ਹਾਂ ਦੀਆਂ ਔਰਤਾਂ ਨੇ ਮਰਦਾਂ ਨਾਲੋਂ ਜਿਨਸੀ ਸੰਬੰਧ ਤੋੜ ਲਏ ਅਤੇ ਦੂਸਰੀਆਂ ਔਰਤਾਂ ਨਾਲ ਜਿਨਸੀ ਸੰਬੰਧ ਜੋੜ ਲਏ। 27 ਇਸੇ ਤਰ੍ਹਾਂ ਮਰਦਾਂ ਨੇ ਵੀ ਔਰਤਾਂ ਨਾਲ ਜਿਨਸੀ ਸੰਬੰਧ ਤੋੜ ਲਏ ਅਤੇ ਆਪਸ ਵਿੱਚ ਕਾਮਾਤੁਰ ਹੋਕੇ ਕਾਮਅਗਨੀ ਵਿੱਚ ਮੱਚਣ ਲੱਗੇ। ਇੰਝ ਮਰਦਾਂ ਨੇ ਇੱਕ ਦੂਜੇ ਨਾਲ ਸ਼ਰਮਸਾਰ ਕੰਮ ਕਰਨੇ ਸ਼ੁਰੂ ਕਰ ਦਿੱਤੇ ਅਤੇ ਇਸ ਕਰਕੇ ਉਨ੍ਹਾਂ ਨੂੰ ਆਪਣੇ ਸ਼ਰੀਰਾਂ ਵਿੱਚ, ਕੀਤੇ ਬੁਰੇ ਕੰਮਾਂ ਦੀ ਸਜ਼ਾਂ ਭੁਗਤਨੀ ਪਈ। 28 ਲੋਕਾਂ ਨੇ ਪਰਮੇਸ਼ੁਰ ਦੇ ਸੱਚੇ ਗਿਆਨ ਨੂੰ ਪਾਉਣਾ ਜ਼ਰੂਰੀ ਨਾ ਸਮਝਿਆ, ਤੇ ਪਰਮੇਸ਼ੁਰ ਨੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਨਿਕੰਮੀਆਂ ਸੋਚਾਂ ਤੇ ਛੱਡ ਦਿੱਤਾ। ਤਾਂ ਲੋਕ ਉਹ ਕੰਮ ਕਰਨ ਲੱਗ ਪਏ ਜਿਹੜੇ ਕਿ ਉਨ੍ਹਾਂ ਨੂੰ ਨਹੀਂ ਕਰਨੇ ਚਾਹੀਦੇ ਸਨ। 29 ਉਹ ਲੋਕ ਹਰ ਤਰ੍ਹਾਂ ਦੇ ਪਾਪਾਂ, ਬਦੀ, ਸੁਆਰਥ, ਨਫ਼ਰਤ, ਦੁਸ਼ਮਣੀ, ਕਤਲ, ਲੜਾਈ, ਬੇਈਮਾਨੀ ਨਾਲ ਭਰੇ ਹੋਏ ਹਨ ਅਤੇ ਉਹ ਦੂਜਿਆਂ ਬਾਰੇ ਭੈੜੀਆਂ ਗੱਲਾਂ ਸੋਚਦੇ ਹਨ।

ਰੋਮੀਆਂ 6:12 ਪਰ ਪਾਪ ਨੂੰ, ਇਥੇ ਆਪਣੇ ਧਰਤੀ ਦੇ ਜੀਵਨ ਤੇ, ਕਾਬੂ ਨਾ ਕਰਨ ਦਿਉ। ਤੁਹਾਨੂੰ ਆਪਣੇ ਪਾਪੀ ਮਨ ਦੀਆਂ ਦੁਸ਼ਟ ਇੱਛਾਵਾਂ ਲਈ ਇਸਦੇ ਵਸ ਨਹੀਂ ਹੋਣਾ ਚਾਹੀਦਾ।

ਰੋਮੀਆਂ 7:7 ਤਾਂ ਫ਼ੇਰ ਸਿਟਾ ਕੀ ਹੈ? ਕੀ ਪਾਪ ਅਤੇ ਸ਼ਰ੍ਹਾ ਇੱਕੋ ਹਨ? ਨਿਰਸੰਦੇਹ ਨਹੀਂ। ਕਿਉਂਕਿ ਸ਼ਰ੍ਹਾ ਤੋਂ

ਬਿਨਾ ਮੈਂ ਪਾਪ ਬਾਰੇ ਨਹੀਂ ਜਾਣ ਸਕਦਾ। ਜੇਕਰ ਸ਼ਰ੍ਹਾ ਨੇ ਮੈਨੂੰ ਇਹ ਨਾ ਕਿਹਾ ਹੁੰਦਾ "ਦੂਜਿਆਂ ਦੀਆਂ ਚੀਜ਼ਾਂ ਦੀ ਇੱਛਾ ਨਾ ਕਰੋ," ਮੈਨੂੰ ਦੂਜਿਆਂ ਦੀਆਂ ਚੀਜ਼ਾਂ ਦੀ ਇੱਛਾ ਕਰਨ ਬਾਰੇ ਨਾ ਪਤਾ ਹੁੰਦਾ।

ਰੋਮੀਆਂ 13:9 ਭਲਾ ਮੈਂ ਇਹ ਕਿਉਂ ਆਖਦਾ ਹਾਂ? ਕਿਉਂਕਿ ਸ਼ਰ੍ਹਾ ਕਹਿੰਦੀ ਹੈ, "ਬਦਕਾਰੀ ਨਾ ਕਰੋ, ਕਿਸੇ ਨੂੰ ਨਾ ਮਾਰੋ, ਚੋਰੀ ਨਾ ਕਰੋ, ਅਤੇ ਦੂਜਿਆਂ ਦੀਆਂ ਚੀਜ਼ਾਂ ਦੀ ਇੱਛਾ ਨਾ ਕਰੋ।" ਅਸਲ ਵਿੱਚ ਇਹ ਸਾਰੇ ਹੁਕਮਨਾਮੇ ਪੂਰੀ ਤਰ੍ਹਾਂ ਇੱਕੋ ਹੀ ਹੁਕਮ ਵਿੱਚ ਜਾਹਰ ਹਨ; "ਦੂਜਿਆਂ ਨਾਲ ਉਵੇਂ ਪ੍ਰੇਮ ਕਰ ਜਿਵੇਂ ਤੂੰ ਆਪਣੇ ਆਪ ਨੂੰ ਕਰਦਾ ਹੈਂ।"

ਰੋਮੀਆਂ 13:14 ਪਰ ਤੁਸੀਂ ਪ੍ਰਭੂ ਯਿਸੂ ਮਸੀਹ ਨੂੰ ਆਪਣਾ ਪਹਿਰਾਵਾ ਬਣਾ ਲਵੋ। ਇਸ ਬਾਰੇ ਨਾ ਸੋਚੋ ਕਿ ਤੁਸੀਂ ਆਪਣੇ ਪਾਪੀ ਸੁਭਾਅ ਅਤੇ ਦੁਸ਼ਟ ਇੱਛਾਵਾਂ ਨੂੰ ਕਿਵੇਂ ਪੂਰਨ ਕਰੋਂਗੇ।

੧ ਕੁਰਿੰਥੀਆਂ 5:10,11 ਪਰ ਮੈਂ ਤੁਹਾਨੂੰ ਇਸ ਭਾਵ ਨਾਲ ਨਹੀਂ ਲਿਖਿਆ ਸੀ ਕਿ ਤੁਹਾਨੂੰ ਇਸ ਦੁਨੀਆਂ ਦੇ ਉਨ੍ਹਾਂ ਲੋਕਾਂ ਦਾ ਸੰਗ ਨਹੀਂ ਕਰਨਾ ਚਾਹੀਦਾ ਜੋ ਅਨੈਤਿਕ ਹਨ, ਜੋ ਜਿਨਸੀ ਪਾਪ ਕਰਦੇ ਹਨ, ਜੋ ਖੁਦਗਰਜ਼ ਹਨ, ਜੋ ਦੂਜਿਆਂ ਨੂੰ ਧੋਖਾ ਦਿੰਦੇ ਹਨ, ਜਾਂ ਉਨ੍ਹਾਂ ਨਾਲ ਜੋ ਮੂਰਤੀਆਂ ਦੀ ਉਪਾਸਨਾ ਕਰਦੇ ਹਨ। ਜੇਕਰ ਤੁਸੀਂ ਉਨ੍ਹਾਂ ਤੋਂ ਦੂਰ ਹੋਣਾ ਹੈ ਤਾਂ ਤੁਹਾਨੂੰ ਇਹ ਦੁਨੀਆਂ ਛੱਡਣੀ ਪਵੇਗੀ। 11 ਮੈਂ ਤੁਹਾਨੂੰ ਇਹ ਦੱਸਣ ਲਈ ਲਿਖ ਰਿਹਾ ਹਾਂ ਕਿ ਉਹ ਬੰਦਾ ਜਿਸਦਾ ਤੁਹਾਨੂੰ ਕਤਈ ਸੰਗ ਨਹੀਂ ਕਰਨਾ ਚਾਹੀਦਾ ਉਹ ਅਜਿਹਾ ਹੈ: ਉਹ ਵਿਅਕਤੀ ਜੋ ਆਪਣੇ ਆਪ ਨੂੰ ਈਸਾਈ ਆਖਦਾ ਪਰ ਅਜੇ ਵੀ ਜਿਸਨੀ ਗੁਨਾਹ ਕਰਦਾ, ਜਾਂ ਜੇਕਰ ਉਹ ਖੁਦਗਰਜ਼ ਹੈ, ਜਾਂ ਮੂਰਤੀਆਂ ਦੀ ਉਪਾਸਨਾ ਕਰਦਾ, ਜਾਂ ਦੂਜਿਆਂ ਨੂੰ ਮੰਦੀਆਂ ਗੱਲਾਂ ਬੋਲਦਾ, ਸ਼ਰਾਬੀ ਹੋ ਜਾਂਦਾ ਹੈ, ਜਾਂ ਲੋਕਾਂ ਨੂੰ ਧੋਖਾ ਦਿੰਦਾ, ਤੁਹਾਨੂੰ ਅਜਿਹੇ ਬੰਦੇ ਨਾਲ ਭੋਜਨ ਵੀ ਨਹੀਂ ਕਰਨਾ ਚਾਹੀਦਾ।

੧ ਕੁਰਿੰਥੀਆਂ 6:9,10 ਤੁਹਾਨੂੰ ਪਤਾ ਹੈ ਕਿ ਜੋ ਦੁਸ਼ਟ ਕਰਨੀਆਂ ਕਰਦੇ ਹਨ ਉਹ ਪਰਮੇਸ਼ੁਰ ਦੇ ਰਾਜ ਵਿੱਚ ਹਿੱਸਾ ਪ੍ਰਾਪਤ ਨਹੀਂ ਕਰਨਗੇ। ਮੂਰਖ ਨਾ ਬਣੋ। ਇਹੀ ਲੋਕ ਹਨ ਜਿਨ੍ਹਾਂ ਨੂੰ ਪਰਮੇਸ਼ੁਰ ਦੇ ਰਾਜ ਦਾ ਹਿੱਸਾ ਪ੍ਰਾਪਤ ਨਹੀਂ ਹੋਵੇਗਾ: ਉਹ, ਜੋ ਜਿਨਸੀ ਪਾਪ ਕਰਦੇ ਹਨ, ਉਹ, ਜੋ ਮੂਰਤੀਆਂ ਦੀ ਉਪਾਸਨਾ ਕਰਦੇ ਹਨ, ਉਹ ਲੋਕ, ਜਿਹੜੇ ਬਦਕਾਰੀ ਕਰਦੇ ਹਨ, ਉਹ ਆਦਮੀ ਜਿਹੜੇ ਆਪਣੇ ਸ਼ਰਈਰ ਹੋਰਨਾਂ ਆਦਮੀਆਂ ਨੂੰ ਜਿਨਸੀ ਵਰਤੋਂ ਕਰਨ ਲਈ ਭੇਟ ਕਰਦੇ ਹਨ ਜਾਂ ਉਹ ਜਿਹੜੇ ਹੋਰਨਾਂ ਆਦਮੀਆਂ ਨਾਲ ਜਿਨਸੀ ਪਾਪ ਕਰਦੇ ਹਨ, ਉਹ, ਜੋ ਚੋਰੀ ਕਰਦੇ ਹਨ, ਜੋ ਖੁਦਗਰਜ਼ ਹਨ, ਸ਼ਰਾਬੀ ਹਨ, ਉਹ, ਜੋ ਹੋਰਨਾਂ ਲੋਕਾਂ ਨੂੰ ਮੰਦਾ ਬੋਲਦੇ ਹਨ, ਅਤੇ ਉਹ ਲੋਕ, ਜਿਹੜੇ ਧੋਖਾ ਦਿੰਦੇ ਹਨ।

੧ ਕੁਰਿੰਥੀਆਂ 10:6 ਅਤੇ ਇਹ ਗੱਲਾਂ ਜਿਹੜੀਆਂ ਵਾਪਰੀਆਂ ਸਾਡੇ ਲਈ ਮਿਸਾਲ ਹਨ। ਇਨ੍ਹਾਂ ਮਿਸਾਲਾਂ ਤੋਂ ਸਾਨੂੰ ਸਿਖਣਾ ਚਾਹੀਦਾ ਹੈ ਕਿ ਉਨ੍ਹਾਂ ਲੋਕਾਂ ਵਾਂਗ ਬੁਰੀਆਂ ਚੀਜ਼ਾਂ ਦੀ ਤਮੰਨਾ ਨਾ ਕਰੀਏ।

੧ ਕੁਰਿੰਥੀਆਂ 12:31 ਪਰ ਸੱਚਮੁੱਚ ਤੁਹਾਨੂੰ ਮਹਾਨ ਦਾਤਾਂ ਦੀ ਪ੍ਰਾਪਤੀ ਕਰਨ ਦੀ ਕਾਮਨਾ ਕਰਨੀ ਚਾਹੀਦੀ ਹੈ। ਅਤੇ ਹੁਣ ਮੈਂ ਤੁਹਾਨੂੰ ਸਰਬੋਤਮ ਮਾਰਗ ਦਿਖਾਉਂਦਾ ਹਾਂ।

੧ ਕੁਰਿੰਥੀਆਂ 14:39 ਇਸ ਲਈ ਮੇਰੇ ਭਰਾਵੋ ਅਤੇ ਭੈਣੋ, ਅਸਲੀ ਅਗੰਮ ਵਾਕ ਦੀ ਦਾਤ ਦੀ ਇੱਛਾ ਕਰੋ। ਪਰ ਉਨ੍ਹਾਂ ਲੋਕਾਂ ਨੂੰ ਵੱਖ-ਵੱਖ ਭਾਸ਼ਾਵਾਂ ਵਿੱਚ ਬੋਲਣ ਦੀ ਦਾਤ ਦੀ ਵਰਤੋਂ ਕਰਨ ਤੋਂ ਨਾ ਰੋਕੋ।

੨ ਕੁਰਿੰਥੀਆਂ 9:5 ਇਸਲਈ ਮੈਂ ਸੋਚਿਆ ਕਿ ਇਸਤੋਂ ਪਹਿਲਾਂ ਕਿ ਅਸੀਂ ਤੁਹਾਡੇ ਵੱਲ ਆਈਏ ਮੈਨੂੰ ਚਾਹੀਦਾ ਹੈ ਕਿ ਇਨ੍ਹਾਂ ਭਰਾਵਾਂ ਨੂੰ ਤੁਹਾਡੇ ਵੱਲ ਘੱਲਾਂ। ਉਹ ਤੋਹਫ਼ਾ ਤਿਆਰ ਕਰ ਸਕਣਗੇ ਜਿਸਦਾ ਤੁਸੀਂ ਵਾਅਦਾ ਕੀਤਾ ਸੀ। ਇਹ ਤੁਹਾਡਾ ਤੋਹਫ਼ਾ ਹੋਵੇਗਾ। ਫ਼ੇਰ ਜਦੋਂ ਅਸੀਂ ਆਵਾਂਗੇ ਤਾਂ ਉਹ ਤੋਹਫ਼ਾ ਤਿਹਾਰ ਹੋਵਗਾ ਜਿਹੜਾ ਤੁਸੀਂ ਦੇਣਾ ਚਾਹੁੰਦੇ ਸੀ। ਫ਼ੇਰ ਇਹ ਤੋਹਫ਼ਾ ਇੱਕ ਸਵੈਇਛਿਤ ਤੋਹਫ਼ਾ ਹੋਵੇਗਾ ਨਾ ਕਿ ਅਣਇਛਿਤ।

ਗਲਾਤੀਆਂ 5:16-20 ਇਸ ਲਈ ਮੈਂ ਤੁਹਾਨੂੰ ਦੱਸਦਾ ਹਾਂ; ਆਤਮਾ ਦੀ ਅਗਵਾਈ ਵਿੱਚ ਜੀਓ। ਫ਼ੇਰ ਤੁਸੀਂ ਕੋਈ ਮੰਦਾ ਕੰਮ ਨਹੀਂ ਕਰੋਂਗੇ ਜਿਹੜੇ ਤੁਹਾਡੇ ਪਾਪੀ ਆਪੇ ਨੂੰ ਪਸੰਦ ਹਨ। 17 ਸਾਡੇ ਪਾਪੀ ਆਪੇ ਉਹੀ ਗੱਲਾਂ ਚਾਹੁੰਦੇ ਹਨ ਜੋ ਆਤਮਾ ਦੇ ਵਿਰੁਧ ਹਨ। ਆਤਮਾ ਉਹ ਗੱਲਾਂ ਚਾਹੁੰਦਾ ਹੈ ਜੋ ਸਾਡੇ ਪਾਪੀ ਆਪਿਆਂ ਦੇ ਵਿਰੁੱਧ ਹਨ। ਇਹ ਦੋਵੇਂ ਇੱਕ ਦੂਸਰੇ ਦੇ ਵਿਰੁੱਧ ਹਨ। ਇਸ ਲਈ ਤੁਸੀਂ ਉਹ ਕੰਮ ਨਾ ਕਰੋ ਜਿਹੜੇ ਤੁਸੀਂ ਸੱਚਮੁਚ ਕਰਨਾ ਚਾਹੁੰਦੇ ਹੋ। 18 ਪਰ ਜੇ ਤੁਸੀਂ ਆਤਮਾ ਦੀ ਅਗਵਾਈ ਨੂੰ ਆਗਿਆ ਦੇਵੋ ਤਾਂ ਤੁਸੀਂ ਨੇਮ ਦੇ ਅਧੀਨ ਨਹੀਂ ਹੋ। 19 ਮੰਦੇ ਕੰਮ, ਜਿਹੜੇ ਸਾਡਾ ਪਾਪੀ ਆਪਾ ਕਰਦਾ ਹੈ ਬੜੇ ਸਪਸ਼ਟ ਹਨ। ਜਿਨਸੀ ਗੁਨਾਹ, ਅਪਵਿੱਤਰਤਾ ਅਤੇ ਜਿਨਸੀ ਬਦੀ, 20 ਝੂਠੇ ਦੇਵੀ ਅਤੇ ਦੇਵਤਿਆਂ ਦੀ ਪੂਜਾ ਕਰਨੀ, ਜਾਦੂ ਕਰਨੇ, ਨਫ਼ਰਤ, ਝਗੜਾ, ਈਰਖਾ, ਕ੍ਰੋਧ, ਖੁਦਗਰਜ਼ੀ ਲੋਕਾਂ ਨੂੰ ਇੱਕ ਦੂਸਰੇ ਨਾਲ ਲੜਾਉਣਾ, ਵੰਡੀਆਂ ਪਾਉਣੀਆਂ,

ਗਲਾਤੀਆਂ 5:24 ਜਿਹੜੇ ਲੋਕ ਮਸੀਹ ਯਿਸੂ ਨਾਲ ਸੰਬੰਧਿਤ ਹਨ, ਉਨ੍ਹਾਂ ਨੇ ਆਪਣੇ ਪਾਪੀ ਆਪਿਆਂ ਨੂੰ ਮਾਰ ਦਿੱਤਾ ਹੈ। ਉਨ੍ਹਾਂ ਨੇ ਖੁਦਗਰਜ਼ੀ ਅਤੇ ਮੰਦੀਆਂ ਗੱਲਾਂ ਛੱਡ ਦਿੱਤੀਆਂ ਹਨ ਜੋ ਉਹ ਕਰਨੀਆਂ ਚਾਹੁੰਦੇ ਸਨ।

ਅਫ਼ਸੀਆਂ 2:1-3 ਅਤੀਤ ਵਿੱਚ ਤੁਹਾਡਾ ਆਤਮਕ ਜੀਵਨ ਤੁਹਾਡੇ ਪਾਪ ਅਤੇ ਉਨ੍ਹਾਂ ਗੱਲਾਂ ਕਾਰਣ ਜਿਹੜੀਆਂ ਤੁਸੀਂ ਪਰਮੇਸ਼ੁਰ ਦੇ ਖਿਲਾਫ਼ ਕੀਤੀਆਂ, ਮੁਰਦਾ ਸਨ। 2 ਹਾਂ, ਅਤੀਤ ਵਿੱਚ ਤੁਸੀਂ ਇਹ ਪਾਪ ਕਰਦੇ ਹੋਏ ਜਿਉਂਏ। ਤੁਸੀਂ ਦੁਨੀਆਂ ਦੇ ਲੋਕਾਂ ਵਾਂਗ ਜਿਉਂਏ ਤੁਸੀਂ ਸੰਸਾਰ ਵਿੱਚ ਬਦੀ ਦਿਆਂ ਸ਼ਕਤੀਆਂ ਦੇ ਹਾਕਮ ਦੇ ਚੇਲੇ ਸੀ। ਹੁਣ ਇਹੀ ਆਤਮਾ ਉਨ੍ਹਾਂ ਲੋਕਾਂ ਵਿੱਚ ਕੰਮ ਕਰ ਰਿਹਾ ਹੈ ਜਿਹੜੇ ਪਰਮੇਸ਼ੁਰ ਨੂੰ ਅਵਗਿਆਕਾਰੀ ਹਨ। 3 ਪਿਛਲੇ ਸਮਿਆਂ ਵਿੱਚ, ਅਸੀਂ ਸਾਰੇ ਉਸੇ ਤਰ੍ਹਾਂ ਰਹੇ ਜਿਵੇਂ ਉਹ ਲੋਕ ਰਹੇ। ਅਸੀਂ ਆਪਣੇ ਪਾਪੀ ਆਪਿਆਂ ਨੂੰ ਸੰਤੁਸ਼ਟ ਕਰ ਰਹੇ ਸਾਂ। ਅਸੀਂ ਉਹ ਸਾਰੀਆਂ ਗੱਲਾਂ ਕੀਤੀਆਂ ਜਿਨ੍ਹਾਂ ਦੀ ਸਾਡੇ ਤਨਾਂ ਅਤੇ ਮਨਾਂ ਨੇ ਕਰਨ ਦੀ ਇੱਛਾ ਕੀਤੀ। ਜਦੋਂ ਅਸੀਂ ਅਜਿਹੀ ਜ਼ਿੰਦਗੀ ਜਿਉਂ ਰਹੇ ਸਾਂ, ਅਸੀਂ ਪਰਮੇਸ਼ੁਰ ਦੇ ਕ੍ਰੋਧ ਦਾ ਸਾਮ੍ਹਣਾ ਕਰਨ ਵਾਲੇ ਸਾਂ ਕਿਉਂਕਿ ਅਸੀਂ ਦੁਸ਼ਟ ਲੋਕ ਸੀ। ਅਸੀਂ ਹੋਰਨਾਂ ਸਾਰੇ ਲੋਕਾਂ ਵਰਗੇ ਸਾਂ।

ਅਫ਼ਸੀਆਂ 4:19 ਉਨ੍ਹਾਂ ਨੇ ਆਪਣੀ ਸ਼ਰਮਸਾਰੀ ਦੀ ਭਾਵਨਾ ਗੁਆ ਲਈ ਹੈ। ਉਹ ਆਪਣੇ ਜੀਵਨ ਬਦੀ ਕਰਨ ਲਈ ਇਸਤੇਮਾਲ ਕਰਦੇ ਹਨ। ਉਹ ਹਰ ਪ੍ਰਕਾਰ ਦੀਆਂ ਵਧ ਤੋਂ ਵਧ ਬਦਕਾਰੀਆਂ ਕਰਨੀਆਂ ਚਾਹੁੰਦੇ ਹਨ।

ਅਫ਼ਸੀਆਂ 4:22-27 ਤੁਹਾਨੂੰ ਆਪਣੇ ਪੁਰਾਣੇ ਆਪੇ ਦਾ ਤਿਆਗ ਕਰਨਾ ਸਿਖਾਇਆ ਗਿਆ ਸੀ। ਇਸਦਾ ਅਰਥ ਹੈ ਕਿ ਤੁਹਾਨੂੰ ਉਸ ਤਰ੍ਹਾਂ ਦੇ ਮੰਦੇ ਢੰਗ ਨਾਲ ਜਿਉਣਾ ਛੱਡ ਦੇਣਾ ਚਾਹੀਦਾ ਹੈ ਜਿਸ ਤਰ੍ਹਾਂ ਤੁਸੀਂ ਪਹਿਲਾਂ ਜਿਉਂ ਰਹੇ ਸੀ। ਉਹ ਪੁਰਾਣਾ ਆਪਾ ਬਦਤਰ ਬਣਦਾ ਜਾਂਦਾ ਹੈ, ਕਿਉਂ ਜੁ ਲੋਕ ਉਨ੍ਹਾਂ ਬਦਕਾਰੀਆਂ ਦੁਆਰਾ ਗੁਮਰਾਹ ਹੋ ਗਏ ਹਨ ਜਿਹੜੀਆਂ ਉਹ ਕਰਨੀਆਂ ਚਾਹੁੰਦੇ ਹਨ। 23 ਪਰ ਤੁਹਾਨੂੰ ਆਪਣੇ ਦਿਲਾਂ ਵਿੱਚ ਅਤੇ ਮਨਾਂ ਵਿੱਚ ਨਵੇਂ ਬਣਨ ਲਈ ਸਿਖਾਇਆ ਗਿਆ ਹੈ। 24 ਤੁਹਾਨੂੰ ਇੱਕ ਨਵੇਂ ਵਿਅਕਤੀ ਬਣਨ ਲਈ

ਸਿਖਾਇਆ ਗਿਆ ਹੈ। ਇਹ ਨਵਾਂ ਵਿਅਕਤੀ ਪਵਿੱਤਰ ਅਤੇ ਧਾਰਮਿਕਤਾ ਨਾਲ ਰਹਿਣ ਲਈ ਪਰਮੇਸ਼ੁਰ ਵਰਗਾ ਬਣਾਇਆ ਗਿਆ ਹੈ। 25 ਤੁਹਾਨੂੰ ਝੂਠ ਬੋਲਣਾ ਬੰਦ ਕਰ ਦੇਣਾ ਚਾਹੀਦਾ ਹੈ। ਤੁਹਾਨੂੰ ਹਮੇਸ਼ਾ ਇੱਕ ਦੂਸਰੇ ਨਾਲ ਸੱਚ ਬੋਲਣਾ ਚਾਹੀਦਾ ਹੈ ਕਿਉਂਕਿ ਅਸੀਂ ਇੱਕੋ ਸ਼ਰੀਰ ਵਿੱਚ ਇੱਕ ਦੂਸਰੇ ਦੇ ਅੰਗ ਹਾਂ। 26 ਜਦੋਂ ਤੁਸੀਂ ਗੁੱਸੇ ਹੁੰਦੇ ਹੋ, ਤਾਂ ਆਪਣੇ ਕ੍ਰੋਧ ਨੂੰ ਪਾਪ ਕਰਾਉਣ ਦਾ ਕਾਰਣ ਨਾ ਬਨਣ ਦਿਓ ਸਾਰਾ ਦਿਨ ਕ੍ਰੋਧ ਕਰਨਾ ਜਾਰੀ ਨਾ ਰਖੋ। 27 ਸ਼ੈਤਾਨ ਨੂੰ ਕੋਈ ਅਜਿਹਾ ਰਾਹ ਨਾ ਦਿਓ ਜਿਹੜਾ ਤੁਹਾਨੂੰ ਹਰਾ ਸਕੇ।

ਅਫ਼ਸੀਆਂ 5:3,5 ਤੁਹਾਡੇ ਵਿੱਚ ਜਿਨਸੀ ਪਾਪ ਨਹੀਂ ਹੋਣਾ ਚਾਹੀਦਾ। ਤੁਹਾਡੇ ਵਿੱਚ ਕਿਸੇ ਵੀ ਕਿਸਮ ਦੀ ਅਸ਼ੁਧਤਾ ਜਾਂ ਲਾਲਸਾ ਨਹੀਂ ਹੋਣੀ ਚਾਹੀਦੀ। ਤੁਹਾਨੂੰ ਇਨ੍ਹਾਂ ਬੁਰੀਆਂ ਗੱਲਾਂ ਬਾਰੇ ਗੱਲ ਵੀ ਨਹੀਂ ਕਰਨੀ ਚਾਹੀਦੀ। ਕਿਉਂ? ਕਿਉਂਕਿ ਇਹ ਗੱਲਾਂ ਪਰਮੇਸ਼ੁਰ ਦੇ ਪਵਿੱਤਰ ਲੋਕਾਂ ਲਈ ਸਹੀ ਨਹੀਂ ਹਨ। 5 ਤੁਸੀਂ ਇਸ ਬਾਰੇ ਨਿਸ਼ਚਿਤ ਹੋ ਸਕਦੇ ਹੋ। ਇੱਕ ਵਿਅਕਤੀ ਜਿਹੜਾ ਜਿਨਸੀ ਪਾਪ ਕਰਦਾ ਹੈ ਜਾਂ ਉਹ ਜੋ ਪਾਪ ਕਰਦਾ ਜਾਂ ਲੋਭੀ ਵਪਾਰੀ ਹੈ ਉਸਨੂੰ ਪਰਮੇਸ਼ੁਰ ਅਤੇ ਮਸੀਹ ਦੇ ਰਾਜ ਵਿੱਚ ਕੋਈ ਜਗ਼੍ਹਾ ਨਹੀਂ ਮਿਲੇਗੀ ਇੱਕ ਵਿਅਕਤੀ ਜਿਹੜਾ ਹਮੇਸ਼ਾ ਆਪਣੇ ਲਈ ਵਧ ਤੋਂ ਵਧ ਪ੍ਰਾਪਤ ਕਰਨ ਦੀ ਚਾਹਨਾ ਰਖਦਾ ਮੂਰਤੀ ਉਪਾਸਕ ਹੈ।

ਕੁਲੁੱਸੀਆਂ 3:5 ਇਸ ਲਈ ਸਾਰੀਆਂ ਮੰਦੀਆਂ ਗੱਲਾਂ ਆਪਣੇ ਜੀਵਨ ਵਿੱਚੋਂ ਕਢ ਦਿਓ। ਉਹ ਹਨ; ਜਿਨਸੀ ਪਾਪ, ਅਨੈਤਿਕਤਾ, ਲਾਲਸਾ, ਬੁਰੀਆਂ ਇੱਛਾਵਾਂ ਅਤੇ ਲਾਲਚ ਜੋ ਕਿ ਮੂਰਤੀ ਉਪਾਸਕ ਹਨ।

੧ ਥੱਸਲੁਨੀਕੀਆਂ 2:5 ਤੁਸੀਂ ਜਾਣਦੇ ਹੋ ਕਿ ਅਸੀਂ ਕਦੇ ਵੀ ਤੁਹਾਡੀ ਉਸਤਤਿ ਕਰਕੇ ਤੁਹਾਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਨਹੀਂ ਕੀਤੀ। ਅਸੀਂ ਤੁਹਾਡਾ ਧਨ ਪ੍ਰਾਪਤ ਕਰਨ ਦੀ ਕੋਸ਼ਿਸ਼ ਨਹੀਂ ਕਰ ਰਹੇ। ਤੁਹਾਡੇ ਕੋਲੋਂ ਛੁਪਾਉਣ ਵਾਲੀ ਸਾਡੀ ਕੋਈ ਖੁਦਗਰਜ਼ੀ ਨਹੀਂ। ਪਰਮੇਸ਼ੁਰ ਜਾਣਦਾ ਹੈ ਕਿ ਇਹ ਸੱਚ ਹੈ।

੧ ਥੱਸਲੁਨੀਕੀਆਂ 4:3-7 ਪਰਮੇਸ਼ੁਰ ਚਾਹੁੰਦਾ ਹੈ ਕਿ ਤੁਸੀਂ ਪਵਿੱਤਰ ਹੋਵੋ। ਉਹ ਚਾਹੁੰਦਾ ਹੈ ਕਿ ਤੁਸੀਂ ਜਿਨਸੀ ਪਾਪ ਤੋਂ ਦੂਰ ਰਹੋ। 4 ਪਰਮੇਸ਼ੁਰ ਚਾਹੁੰਦਾ ਹੈ। ਕਿ ਤੁਹਾਡੇ ਵਿੱਚੋਂ ਹਰ ਕੋਈ ਆਪਣੇ ਸ਼ਰੀਰ ਉੱਤੇ ਕਾਬੂ ਰੱਖਣਾ ਸਿਖ ਲਵੇ। ਆਪਣੇ ਸ਼ਰੀਰ ਦਾ ਇਸਤੇਮਾਲ ਉਸ ਢੰਗ ਨਾਲ ਕਰੋ ਜਿਹੜਾ ਪਵਿੱਤਰ ਅਤੇ ਸਤਿਕਾਰਯੋਗ ਹੈ। 5 ਆਪਣੇ ਸ਼ਰੀਰ ਨੂੰ ਜਿਨਸੀ ਪਾਪ ਲਈ ਨਾ ਵਰਤੋ। ਜਿਹਾੜੇ ਲੋਕ ਪਰਮੇਸ਼ੁਰ ਨੂੰ ਨਹੀਂ ਜਾਣਦੇ ਅਜਿਹਾ ਕਰਦੇ ਹਨ। 6 ਇਸ ਮਾਮਲੇ ਵਿੱਚ ਤੁਹਾਡੇ ਵਿੱਚੋਂ ਕਿਸੇ ਨੂੰ ਵੀ ਮਸੀਹ ਵਿੱਚ ਆਪਣੇ ਭਰਾ ਦਾ ਕੁਝ ਬੁਰਾ ਨਹੀਂ ਕਰਨਾ ਚਾਹੀਦਾ ਜਾਂ ਉਸਦਾ ਫ਼ਾਇਦਾ ਨਹੀਂ ਉਠਾਉਣਾ ਚਾਹੀਦਾ। ਜਿਹੜੇ ਲੋਕ ਅਜਿਹਾ ਕਰਦੇ ਹਨ ਪਰਮੇਸ਼ੁਰ ਉਨ੍ਹਾਂ ਨੂੰ ਸਜ਼ਾ ਦੇਵੇਗਾ। ਅਸੀਂ ਇਸ ਬਾਰੇ ਤੁਹਾਨੂੰ ਪਹਿਲਾਂ ਹੀ ਦੱਸ ਚੁੱਕੇ ਹਾਂ ਅਤੇ ਚੇਤਾਵਨੀ ਦੇ ਚੁੱਕੇ ਹਾਂ। 7 ਪਰਮੇਸ਼ੁਰ ਨੇ ਸਾਨੂੰ ਪਵਿੱਤਰ ਹੋਣ ਲਈ ਸਦਿਆ। ਉਹ ਨਹੀਂ ਚਾਹੁੰਦਾ ਕਿ ਅਸੀਂ ਪਾਪ ਦਾ ਜੀਵਨ ਜੀਵੀਏ।

੧ ਤਿਮੋਥਿਉਸ 3:3,8 ਉਸਨੂੰ ਬਹੁਤੀ ਸੁਰਾ ਨਹੀਂ ਪੀਣੀ ਚਾਹੀਦੀ। ਉਸਨੂੰ ਝਗੜਾਲੂ ਨਹੀਂ ਹੋਣਾ ਚਾਹੀਦਾ। ਉਹ ਸ਼ਰੀਫ਼ ਅਤੇ ਅਮਨ ਪਸੰਦ ਹੋਣਾ ਚਾਹੀਦਾ ਹੈ। ਉਹ ਅਜਿਹਾ ਵਿਅਕਤੀ ਨਹੀਂ ਹੋਣਾ ਚਾਹੀਦਾ ਜੋ ਪੈਸੇ ਨਾਲ ਪਿਆਰ ਕਰਦਾ ਹੋਵੇ। 8 ਇਸੇ ਢੰਗ ਨਾਲ, ਜਿਹੜੇ ਆਦਮੀ ਕਲੀਸਿਯਾ ਵਿੱਚ ਵਿਸ਼ੇਸ਼ ਸਹਾਇਕਾਂ ਵਜੋਂ ਸੇਵਾ

ਕਰਦੇ ਹਨ, ਇੱਜ਼ਤ ਦੇ ਭਾਗੀ ਵਿਅਕਤੀ ਹੋਣੇ ਚਾਹੀਦੇ ਹਨ। ਉਨ੍ਹਾਂ ਨੂੰ ਉਹ ਗੱਲਾਂ ਨਹੀਂ ਆਖਣੀਆਂ ਚਾਹੀਡੀਆਂ ਜਿਨ੍ਹਾਂ ਦਾ ਕੋਈ ਅਰਥ ਨਹੀਂ, ਅਤੇ ਉਨ੍ਹਾਂ ਨੂੰ ਆਪਣਾ ਸਮਾਂ ਸੁਰਾ ਪੀਣ ਵਿੱਚ ਨਹੀਂ ਬਿਤਾਉਣਾ ਚਾਹੀਦਾ। ਉਹ ਅਜਿਹੇ ਵਿਅਕਤੀ ਨਹੀਂ ਹੋਣੇ ਚਾਹੀਦੇ ਜਿਹੜੇ ਹਮੇਸ਼ਾ ਹੋਰਾਂ ਨੂੰ ਧੋਖਾ ਦੇਕੇ ਅਮੀਰ ਹੋਣ ਦੀ ਕੋਸ਼ਿਸ਼ ਕਰਦੇ ਰਹਿੰਦੇ ਹਨ।

੧ ਤਿਮੋਥਿਉਸ 6:9,10 ਜੋ ਲੋਕ ਅਮੀਰ ਬਣਨਾ ਚਾਹੁੰਦੇ ਹਨ ਉਹ ਪਰਤਾਵੇ ਵਿੱਚ ਪੈ ਜਾਂਦੇ ਹਨ। ਉਹ ਫ਼ਸ ਜਾਂਦੇ ਹਨ ਅਤੇ ਨਿਕੰਮੀਆਂ ਚੀਜ਼ਾਂ ਅਤੇ ਹਾਨੀਕਾਰਕ ਚੀਜ਼ਾਂ ਲੈਣੀਆਂ ਸ਼ੁਰੂ ਕਰ ਦਿੰਦੇ ਹਨ। ਉਹ ਚੀਜ਼ਾਂ ਲੋਕਾਂ ਨੂੰ ਤਬਾਹ ਤੇ ਬਰਬਾਦ ਕਰ ਦਿੰਦੀਆਂ ਹਨ। 10 ਪੈਸੇ ਨਾਲ ਪਿਆਰ ਸਭ ਤਰ੍ਹਾਂ ਦੀਆਂ ਬੁਰਾਈਆਂ ਦਾ ਕਾਰਣ ਹੈ। ਕੁਝ ਲੋਕਾਂ ਨੇ ਅਧਿਕਤਮ ਪੈਸੇ ਕੁਮਾਉਣ ਦੇ ਚਕਰ ਵਿੱਚ ਸੱਚੇ ਵਿਸ਼ਵਾਸ ਨੂੰ ਛੱਡ ਦਿੱਤਾ ਹੈ। ਪਰ ਉਹ ਆਪਣੇ ਆਪ ਨੂੰ ਬਹੁਤ ਸਾਰੇ ਦਰਦਾਂ ਭਰੇ ਅਨੁਭਵਾਂ ਨਾਲ ਸੱਟ ਮਾਰ ਲੈਂਦੇ ਹਨ।

੨ ਤਿਮੋਥਿਉਸ 2:22 ਉਨ੍ਹਾਂ ਦੁਸ਼ਟ ਗੱਲਾਂ ਤੋਂ ਦੂਰ ਰਹੋ ਜਿਹੜੀਆਂ ਇੱਕ ਜਵਾਨ ਆਦਮੀ ਕਰਨੀਆਂ ਚਾਹੁੰਦਾ ਹੈ। ਠੀਕ ਢੰਗ ਨਾਲ ਜਿਉਣ ਲਈ ਅਤੇ ਆਸਥਾ, ਪ੍ਰੇਮ ਅਤੇ ਸ਼ਾਂਤੀ ਪ੍ਰਾਪਤ ਕਰਨ ਲਈ ਸਖਤ ਮਿਹਨਤ ਕਰੋ। ਇਹ ਗੱਲਾਂ ਉਨ੍ਹਾਂ ਲੋਕਾਂ ਨਾਲ ਮਿਲਕੇ ਕਰੋ ਜਿਨ੍ਹਾਂ ਦੇ ਹਿਰਦੇ ਸ਼ੁਧ ਹਨ ਅਤੇ ਜਿਨ੍ਹਾਂ ਨੂੰ ਪ੍ਰਭੂ ਵਿੱਚ ਵਿਸ਼ਵਾਸ ਹੈ।

੨ ਤਿਮੋਥਿਉਸ 3:2 ਉਨ੍ਹਾਂ ਸਮਿਆਂ ਵਿੱਚ, ਲੋਕ ਸਿਰਫ਼ ਆਪਣੇ ਆਪ ਨੂੰ ਅਤੇ ਧਨ ਨੂੰ ਪਿਆਰ ਕਰਨਗੇ। ਉਹ ਘਮੰਡੀ ਅਤੇ ਅਭਿਮਾਨੀ ਹੋਣਗੇ। ਉਹ ਇੱਕ ਦੂਜੇ ਦੀ ਨਿੰਦਿਆ ਕਰਨਗੇ। ਲੋਕ ਆਪਣੇ ਮਾਪਿਆਂ ਦਾ ਆਖਿਆ ਨਹੀਂ ਮੰਨਣਗੇ। ਲੋਕ ਨਾ ਸ਼ੁਕਰੇ ਹੋਣਗੇ। ਉਹ ਅਜਿਹੇ ਇਨਸਾਨ ਨਹੀਂ ਹੋਣਗੇ ਜਿਹੇ ਜਿਹੇ ਪਰਮੇਸ਼ੁਰ ਚਾਹੁੰਦਾ ਹੈ।

੨ ਤਿਮੋਥਿਉਸ 3:6 ਤਿਮੋਥਿਉਸ ਘਰੀਂ ਵੜ ਜਾਂਦੇ ਹਨ ਅਤੇ ਕਮਜ਼ੋਰ ਔਰਤਾਂ ਉੱਤੇ ਨਿਯੰਤ੍ਰਣ ਕਰ ਲੈਂਦੇ ਹਨ। ਇਹ ਔਰਤਾਂ ਪਾਪ ਨਾਲ ਭਰਪੂਰ ਹਨ ਅਤੇ ਉਨ੍ਹਾਂ ਗੱਲਾਂ ਦੀਆਂ ਗੁਲਾਮ ਹਨ ਜੋ ਉਹ ਕਰਨੀਆਂ ਚਾਹੁੰਦੀਆਂ ਹਨ।

੨ ਤਿਮੋਥਿਉਸ 4:3 ਇੱਕ ਸਮਾਂ ਆਵੇਗਾ ਜਦੋਂ ਲੋਕ ਸੱਚੇ ਉਪਦੇਸ਼ ਨੂੰ ਨਹੀਂ ਸੁਣਨਗੇ। ਪਰ ਲੋਕਾਂ ਨੂੰ ਬਹੁਤ ਸਾਰੇ ਗੁਰੂ ਮਿਲਣਗੇ ਜੋ ਉਨ੍ਹਾਂ ਨੂੰ ਖੁਸ਼ ਕਰਨਗੇ। ਲੋਕਾਂ ਨੂੰ ਅਜਿਹੇ ਗੁਰੂ ਮਿਲਣਗੇ ਜਿਹੜੇ ਉਹੀ ਗੱਲਾਂ ਆਖਣਗੇ ਜਿਹੜੀਆਂ ਉਹ ਲੋਕ ਸੁਣਨਾ ਚਾਹੁੰਦੇ ਹਨ।

ਤੀਤੁਸ 2:12 ਇਹ ਕਿਰਪਾ ਸਾਨੂੰ ਸਿਖਾਉਂਦੀ ਹੈ ਕਿ ਅਸੀਂ ਅਜਿਹਾ ਜੀਵਨ ਨਾ ਵਤੀਤ ਕਰੀਏ ਜਿਹੜਾ ਪਰਮੇਸ਼ੁਰ ਦੇ ਵਿਰੁੱਧ ਹੋਵੇ, ਅਤੇ ਉਹ ਮੰਦੀਆਂ ਗੱਲਾਂ ਨਾ ਕਰੀਏ ਜੋ ਦੁਨੀਆਂ ਕਰਨਾ ਚਾਹੁੰਦੀ ਹੈ। ਇਹ ਕਿਰਪਾ ਸਾਨੂੰ ਹੁਣ ਇਸ ਧਰਤੀ ਉੱਪਰ ਸਿਆਣਪ ਅਤੇ ਸਹੀ ਢੰਗ ਨਲ ਜਿਉਣਾ ਸਿਖਾਉਂਦੀ ਹੈ। ਜਿਹੜਾ ਇਹ ਦਰਸ਼ਾਉਂਦਾ ਹੈ ਕਿ ਅਸੀਂ ਪਰਮੇਸ਼ੁਰ ਦੀ ਸੇਵਾ ਕਰਦੇ ਹਾਂ।

ਤੀਤੁਸ 3:3 ਬੀਤੇ ਸਮੇਂ ਵਿੱਚ ਅਸੀਂ ਵੀ ਮੂਰਖ ਸਾਂ। ਅਸੀਂ ਆਖਾ ਨਹੀਂ ਮੰਨਦੇ ਸਾਂ ਅਸੀਂ ਗਲਤ ਸਾਂ ਅਤੇ ਅਸੀਂ ਬਹੁਤ ਅਜਿਹੀਆਂ ਗੱਲਾਂ ਦੇ ਗੁਲਾਮ ਸਾਂ ਜਿਹੜੀਆਂ ਸਾਡੇ ਸ਼ਰੀਰ ਕਰਨੀਆਂ ਅਤੇ ਮਾਣਈਆਂ ਚਾਹੁਦੇ ਸਨ।

ਅਸੀਂ ਬਦੀ ਭਰਿਆ ਜੀਵਨ ਜੀ ਰਹੇ ਸਾਂ ਅਤੇ ਅਸੀਂ ਈਰਖਾਲੂ ਸਾਂ। ਲੋਕ ਸਾਨੂੰ ਨਫ਼ਰਤ ਕਰਦੇ ਸਨ ਅਤੇ ਅਸੀਂ ਇੱਕ ਦੂਜੇ ਨੂੰ ਨਫ਼ਰਤ ਕਰਦੇ ਸਾਂ।

ਇਬਰਾਨੀਆਂ 13:5 ਆਪਣੇ ਜੀਵਨ ਨੂੰ ਪੈਸੇ ਦੇ ਪਿਆਰ ਤੋਂ ਮੁਕਤ ਰਖੋ। ਅਤੇ ਜਿਹੜੀਆਂ ਚੀਜ਼ਾਂ ਤੁਹਾਡੇ ਕੋਲ ਹਨ ਉਨ੍ਹਾਂ ਨਾਲ ਸੰਤੁਸ਼ਟ ਰਹੋ। ਪਰਮੇਸ਼ੁਰ ਨੇ ਆਖਿਆ ਹੈ,"ਮੈਂ ਕਦੇ ਵੀ ਤੁਹਾਨੂੰ ਨਹੀਂ ਛੱਡਾਂਗਾ।ਮੈਂ ਕਦੇ ਵੀ ਤੁਹਾਨੂੰ ਨਹੀਂ ਤਿਆਗਾਂਗਾ।"

ਯਾਕੂਬ 1:14,15 ਉਹ ਮੰਦੀਆਂ ਗੱਲਾਂ ਜਿਨ੍ਹਾਂ ਦੀ ਕੋਈ ਵਿਅਕਤੀ ਕਾਮਨਾ ਕਰਦਾ ਹੈ, ਉਹੀ ਹਨ ਜੋ ਉਸਨੂੰ ਪਰਤਿਆਉਂਦੀਆਂ ਹਨ। ਉਸ ਦੀਆਂ ਆਪਣੀਆਂ ਦੁਸ਼ਟ ਇੱਛਾਵਾਂ ਉਸਨੂੰ ਦੂਰ ਲੈ ਜਾਂਦੀਆਂ ਹਨ ਅਤੇ ਉਸਨੂੰ ਵਰਗਲਾਉਣਗੀਆਂ। 15 ਇਹੀ ਕਾਮਨਾ ਪਾਪ ਪੈਦਾ ਕਰਦੀ ਹੈ। ਅਤੇ ਜਦੋਂ ਪਾਪ ਪੂਰੀ ਤਰ੍ਹਾਂ ਹੋ ਜਾਂਦਾ ਹੈ ਤਾਂ ਇਹ ਮੌਤ ਲਿਆਉਂਦਾ ਹੈ।

ਯਾਕੂਬ 4:1-5 ਤੁਹਾਡੇ ਆਪਣੇ ਵਿਚਕਾਰ, ਲੜਾਈਆਂ ਅਤੇ ਝਗੜੇ ਹਨ। ਕੀ ਤੁਸੀਂ ਜਾਣਦੇ ਹੋ ਕਿ ਇਹ ਗੱਲਾਂ ਕਿਥੋ ਆਉਂਦੀਆਂ ਹਨ? ਇਹ ਉਨ੍ਹਾਂ ਖੁਦਗਰਜ਼ ਇੱਛਾਵਾਂ ਤੋਂ ਆਉਂਦੀਆਂ ਹਨ ਜਿਹੜੀਆਂ ਤੁਹਾਡੇ ਅੰਦਰ ਲੜਦੀਆਂ ਹਨ। 2 ਤੁਸੀਂ ਵਸਤਾਂ ਦੀ ਕਾਮਨਾ ਕਰਦੇ ਹੋ, ਪਰ ਤੁਸੀਂ ਉਨ੍ਹਾਂ ਨੂੰ ਪ੍ਰਾਪਤ ਨਹੀਂ ਕਰਦੇ। ਇਸ ਲਈ ਤੁਸੀਂ ਕਤਲ ਕਰਦੇ ਹੋ ਅਤੇ ਦੂਸਰੇ ਲੋਕਾਂ ਨਾਲ ਈਰਖਾ ਕਰਦੇ ਹੋ। ਪਰ ਤੁਸੀਂ ਫ਼ੇਰ ਵੀ ਉਹ ਚੀਜ਼ਾਂ ਪ੍ਰਾਪਤ ਨਹੀਂ ਕਰਦੇ ਜਿਨ੍ਹਾਂ ਦੀ ਤੁਸੀਂ ਕਾਮਨਾ ਕਰਦੇ ਹੋ। ਇਸ ਕਰਕੇ ਤੁਸੀਂ ਲੜਦੇ ਅਤੇ ਝਗੜਦੇ ਹੋ। ਤੁਸੀਂ ਆਪਣੀਆਂ ਮਨ ਇਛਿੱਤ ਚੀਜ਼ਾਂ ਇਸ ਲਈ ਪ੍ਰਾਪਤ ਨਹੀਂ ਕਰਦੇ ਕਿਉਂਕਿ ਤੁਸੀਂ ਪਰਮੇਸ਼ੁਰ ਤੋਂ ਨਹੀਂ ਮੰਗਦੇ। 3 ਪਰ ਜਦੋਂ ਤੁਸੀਂ ਮੰਗਦੇ ਹੋ ਤਾਂ ਵੀ ਤੁਹਾਨੂੰ ਨਹੀਂ ਮਿਲਦੀਆਂ। ਕਿਉਂਕਿ ਜਿਸ ਲਈ ਤੁਸੀਂ ਮੰਗਦੇ ਹੋ ਉਹ ਗਲਤ ਹੈ। ਤੁਸੀਂ ਇਹ ਚੀਜ਼ਾਂ ਇਸ ਕਰਕੇ ਮੰਗਦੇ ਹੋ ਤਾਂ ਜੋ ਤੁਸੀਂ ਉਨ੍ਹਾਂ ਨੂੰ ਕੇਵਲ ਆਪਣੀ ਪ੍ਰਸੰਨਤਾ ਲਈ ਹੀ ਵਰਤ ਸਕੋਂ। 4 ਇਸ ਲਈ ਤੁਸੀਂ ਲੋਕ ਪਰਮੇਸ਼ੁਰ ਨਾਲ ਵਫ਼ਾਦਾਰ ਨਹੀਂ ਹੋ। ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਦੁਨੀਆਂ ਨੂੰ ਪਿਆਰ ਕਰਨ ਦਾ ਅਰਥ ਹੈ ਪਰਮੇਸ਼ੁਰ ਨੂੰ ਨਫ਼ਰਤ ਕਰਨਾ। ਇਸ ਲਈ ਜੋ ਵਿਅਕਤੀ ਇਸ ਦੁਨੀਆਂ ਦਾ ਦੋਸਤ ਬਣਨਾ ਚਾਹੁੰਦਾ ਹੈ ਉਹ ਆਪਣੇ ਆਪ ਨੂੰ ਪਰਮੇਸ਼ੁਰ ਦਾ ਦੁਸ਼ਮਣ ਬਣਾ ਲੈਂਦਾ ਹੈ। 5 ਕੀ ਤੁਹਾਡਾ ਖਿਆਲ ਹੈ ਕਿ ਪੋਥੀ ਅਰਥਹੀਣ ਹੈ? ਪੋਥੀ ਆਖਦੀ ਹੈ, "ਉਹ ਆਤਮਾ ਜਿਹੜਾ ਪਰਮੇਸ਼ੁਰ ਨੇ ਸਾਡੇ ਅੰਦਰ ਰਹਿਣ ਲਈ ਬਣਾਇਆ ਉਹ ਸਾਨੂੰ ਸਿਰਫ਼ ਆਪਣੇ ਲਈ ਹੀ ਚਾਹੁੰਦਾ ਹੈ।"

੧ ਪਤਰਸ 1:14 ਕਿਉਂਕਿ ਬੀਤੇ ਦਿਨਾਂ ਵਿੱਚ ਤੁਸੀਂ ਇਸ ਸਭ ਬਾਰੇ ਕੁਹ ਵੀ ਨਹੀਂ ਜਾਣਦੇ ਸੀ, ਤੁਸੀਂ ਉਹ ਸਾਰੀਆਂ ਭਰਿਸ਼ਟ ਕਰਨੀਆਂ ਕੀਤੀਆਂ ਜੋ ਤੁਸੀਂ ਕਰਨੀਆਂ ਚਾਹੁੰਦੇ ਸੀ। ਪਰ ਹੁਣ ਤੁਸੀਂ ਪਰਮੇਸ਼ੁਰ ਦੇ ਆਗਿਆਕਾਰੀ ਬੱਚੇ ਹੋ। ਇਸ ਲਈ ਹੁਣ ਤੁਸੀਂ ਉਸ ਤਰ੍ਹਾਂ ਦਾ ਜੀਵਨ ਨਾ ਜੀਵੋ ਜਿਹੋ ਜਿਹਾ ਜੀਵਨ ਅਤੀਤ ਵਿੱਚ ਜਿਉਂਦੇ ਸੀ।

੧ ਪਤਰਸ 2:11 ਮੇਰੇ ਪਿਆਰੇ ਮਿੱਤਰੋ, ਤੁਸੀਂ ਇਸ ਦੁਨੀਆਂ ਵਿੱਚ ਮੁਸਾਫ਼ਿਰਾਂ ਅਤੇ ਪਰਦੇਸੀਆਂ ਵਰਗੇ ਹੋ। ਇਸ ਲਈ ਮੈਂ ਤੁਹਾਨੂੰ ਆਪਣੇ ਸ਼ਰੀਰਾਂ ਦੀਆਂ ਦੁਸ਼ਟ ਇੱਛਾਵਾਂ ਤੋਂ ਦੂਰ ਰਹਿਣ ਲਈ ਬੇਨਤੀ ਕਰਦਾ ਹਾਂ। ਇਹ ਇੱਛਾਵਾਂ ਤੁਹਾਡੀ ਰੂਹ ਦੇ ਖਿਲਾਫ਼ ਲੜਦੀਆਂ ਹਨ।

੧ ਪਤਰਸ 4:2-4 ਆਪਣੇ ਆਪ ਨੂੰ ਮਜ਼ਬੂਤ ਬਣਾਉ ਤਾਂ ਜੋ ਤੁਸੀਂ ਆਪਣੀ ਬਾਕੀ ਦੀ ਜ਼ਿੰਦਗੀ ਇਸ ਦੁਨੀਆਂ ਵਿੱਚ ਉਸ ਅਨੁਸਾਰ ਜੀਵੋ ਜਿਸਦੀ ਪਰਮੇਸ਼ੁਰ ਕਾਮਨਾ ਕਰਦਾ ਹੈ, ਨਾ ਕਿ ਲੋਕਾਂ ਦੀਆਂ ਬਦ ਕਾਮਨਾਵਾਂ ਦੇ ਅਨੁਸਾਰ। 3 ਅਤੀਤ ਵਿੱਚ, ਤੁਸੀਂ ਬਹੁਤਾ ਸਮਾਂ ਉਸੇ ਵਿੱਚ ਬਰਬਾਦ ਕਰ ਦਿੱਤਾ ਜੋ ਅਨਾਸਥਾਵਾਨ ਕਰਦੇ ਹਨ। ਤੁਸੀਂ ਅਨੈਤਿਕ ਗੱਲਾਂ ਕਰ ਰਹੇ ਸੀ। ਤੁਸੀਂ ਉਹੀ ਭਰਿਸ਼ਟ ਗੱਲਾਂ ਕਰ ਰਹੇ ਸੀ ਜੋ ਤੁਸੀਂ ਕਰਨੀਆਂ ਪਸੰਦ ਕੀਤੀਆਂ। ਤੁਸੀਂ ਸ਼ਰਾਬੀ ਹੋ ਰਹੇ ਸੀ, ਐਸ਼ ਪ੍ਰਸਤ ਦਾਅਵਤਾਂ ਅਤੇ ਸ਼ਰਾਬੀ ਸਭਾਵਾਂ ਕਰਦੇ ਸੀ ਅਤੇ ਉਨ੍ਹਾਂ ਮੂਰਤੀਆਂ ਦੀ ਪੂਜਾ ਕਰਦੇ ਸੀ ਜਿਨ੍ਹਾਂ ਤੇ ਪਾਬੰਦੀ ਹੈ। 4 ਇਹ ਉਨ੍ਹਾਂ ਨੂੰ ਹੈਰਾਨ ਕਰਦਾ ਹੈ ਕਿ ਹੁਣ ਤੁਸੀਂ ਉਨ੍ਹਾਂ ਦੇ ਇਨ੍ਹਾਂ ਅਸਭਿਅ ਅਤੇ ਫ਼ਿਜ਼ੂਲ ਵਿਹਾਰ ਵਿੱਚ ਸ਼ਾਮਿਲ ਨਹੀਂ ਹੁੰਦੇ। ਇਸ ਲਈ ਉਹ ਤੁਹਾਨੂੰ ਗਾਲਾਂ ਦੇਣ ਲੱਗ ਪੈਂਦੇ ਹਨ।

੨ ਪਤਰਸ 1:4 ਉਸਦੀ ਮਹਿਮਾ ਅਤੇ ਚੰਗਿਆਈ ਕਾਰਣ, ਯਿਸੂ ਨੇ ਸਾਨੂੰ ਉਹ ਮਹਾਨ ਅਤੇ ਅਨਮੋਲ ਚੀਜ਼ਾਂ ਦਿੱਤੀ ਹਨ ਜਿਨ੍ਹਾਂ ਦਾ ਵਾਅਦਾ ਉਸਨੇ ਸਾਡੇ ਨਾਲ ਕੀਤਾ ਸੀ। ਇਨ੍ਹਾਂ ਚੀਜ਼ਾਂ ਨਾਲ, ਤੁਸੀਂ ਪਰਮੇਸ਼ੁਰ ਦੀ ਕੁਦਰਤ ਵਿੱਚ ਹਿੱਸਾ ਲੈ ਸਕਦੇ ਹੋ। ਇਉਂ, ਸਾਡਾ ਇਸ ਦੁਨੀਆਂ ਦੇ ਨਸ਼ਟ ਕਰਨ ਵਾਲੇ ਪ੍ਰਭਾਵਾਂ ਅਤੇ ਭ੍ਰਿਸ਼ਟ ਕਾਮਨਾਵਾਂ ਦੁਆਰਾ ਨੁਕਸਾਨ ਨਹੀਂ ਹੋਵੇਗਾ।

੨ ਪਤਰਸ 2:3 ਉਨ੍ਹਾਂ ਦੇ ਲਾਲਚ ਦੇ ਕਾਰਣ, ਉਹ ਤੁਹਾਨੂੰ ਝੂਠੀਆਂ ਕਹਾਣੀਆਂ ਦੱਸਕੇ ਤੁਹਾਡਾ ਨਜਾਇਜ਼ ਫ਼ਾਇਦਾ ਉਠਾਉਣਗੇ। ਪਰ ਉਨ੍ਹਾਂ ਦੀ ਸਜ਼ਾ ਬਹੁਤ ਸਮਾਂ ਪਹਿਲਾਂ ਪਰਮੇਸ਼ੁਰ ਦੁਆਰਾ ਨਿਰਧਾਰਿਤ ਹੋ ਚੁੱਕੀ ਹੈ। ਉਨ੍ਹਾਂ ਦੀ ਤਬਾਹੀ ਤਿਆਰ ਹੈ ਛੇਤੀ ਹੀ ਉਨ੍ਹਾਂ ਉੱਪਰ ਡਿੱਗ ਪਵੇਗੀ।

੨ ਪਤਰਸ 2:9-19 ਇਸ ਲਈ ਪ੍ਰਭੂ ਜਾਣਦਾ ਹੈ ਕਿ ਉਨ੍ਹਾਂ ਲੋਕਾਂ ਦੀ ਰੱਖਿਆ ਕਿਵੇਂ ਕਰਨੀ ਹੈ ਜੋ ਉਸਦੀ ਸੇਵਾ ਅਪਣੇ ਦੁੱਖਾਂ ਵੱਲੋਂ ਕਰਦੇ ਹਨ। ਉਹ ਜਾਣਦਾ ਹੈ ਕਿ ਉਨ੍ਹਾਂ ਲੋਕਾਂ ਨੂੰ ਸਜ਼ਾ ਕਿਵੇਂ ਦੇਣੀ ਹੈ, ਜੋ ਮੰਦੇ ਹਨ ਅਤੇ ਉਨ੍ਹਾਂ ਨੂੰ ਨਿਰਣੇ ਦੇ ਦਿਲ ਲਈ ਰੱਖਿਆ ਗਿਆ ਹੈ।

10 ਸਜ਼ਾ ਖਾਸ ਤੌਰ ਤੇ ਉਨ੍ਹਾਂ ਲੋਕਾਂ ਲਈ ਬਣੀ ਹੈ ਜਿਹੜੇ ਆਪਣੇ ਪਾਪੀ ਆਪਿਆਂ ਦੀਆਂ ਭਰਿਸ਼ਟ ਕਾਮਨਾਵਾਂ ਦੇ ਅਨੁਸਾਰ ਦੁਸ਼ਟ ਗੱਲਾਂ ਕਰਦੇ ਹਨ ਅਤੇ ਪ੍ਰਭੂ ਦੇ ਅਧਿਕਾਰ ਨੂੰ ਨਫ਼ਰਤ ਕਰਦੇ ਹਨ।ਉਹ ਬੇਪਰਵਾਹ ਹਨ ਅਤੇ ਆਪਣੀ ਮਨ ਮਰਜ਼ੀ ਕਰਦੇ ਹਨ। ਉਹ ਪ੍ਰਤਾਪੀ ਦੂਤਾਂ ਦੀ ਬੇਇੱਜ਼ਤੀ ਕਰਨ ਤੋਂ ਵੀ ਨਹੀਂ ਡਰਦੇ।

11 ਦੂਤ ਇਨ੍ਹਾਂ ਝੂਠੇ ਉਪਦੇਸ਼ਕਾਂ ਨਾਲੋਂ ਕਿਤੇ ਵਧੇਰੇ ਤਾਕਤਵਰ ਅਤੇ ਸ਼ਕਤੀਸ਼ਾਲੀ ਹਨ। ਪਰ ਦੂਤ ਵੀ ਉਦੋਂ ਇਨ੍ਹਾਂ ਦੀ ਬੇਇੱਜ਼ਤੀ ਨਹੀਂ ਕਰਦੇ ਜਦੋਂ ਉਨ੍ਹਾਂ ਨੇ ਪ੍ਰਭੂ ਅੱਗੇ ਇਨ੍ਹਾਂ ਝੂਠੇ ਪ੍ਰਚਾਰਕਾਂ ਉੱਤੇ ਝੂਠੇ ਇਲਜ਼ਾਮ ਲਾਉਣੇ ਹੁੰਦੇ ਹਨ।

12 ਪਰ ਇਹ ਝੂਠੇ ਉਪਦੇਸ਼ਕ ਉਨ੍ਹਾਂ ਗੱਲਾਂ ਦੇ ਵਿਰੁੱਧ ਵੀ ਮੰਦਾ ਬੋਲਦੇ ਹਨ ਜਿਨ੍ਹਾਂ ਨੂੰ ਉਹ ਸਮਝ ਨਹੀਂ ਸਕਦੇ। ਇਹ ਝੂਠੇ ਉਪਦੇਸ਼ਕ ਉਨ੍ਹਾਂ ਜਾਨਵਰਾਂ ਵਰਗੇ ਹਨ ਜਿਹੜੇ ਸੋਚ ਨਹੀ ਸਕਦੇ। ਉਹ ਇੰਝ ਵਰਤਾਉ ਕਰਦੇ ਹਨ ਜਿਵੇਂ ਉਨ੍ਹਾਂ ਦੀ ਅਗਵਾਈ ਆਪਣੀ ਸਹਿਜ ਪ੍ਰੇਰਣਾ ਦੁਆਰਾ ਕੀਤੀ ਗਈ ਹੋਵੇ। ਉਹ ਫ਼ੜੇ ਜਾਣ ਅਤੇ ਮਰੇ ਜਾਣ ਲਈ ਹੀ ਜੰਮਦੇ ਹਨ। ਇਸ ਲਈ ਜੰਗਲੀ ਪਸ਼ੂਆਂ ਵਾਂਗ ਇਹ ਝੂਠੇ ਪ੍ਰਚਾਰਕ ਵੀ ਤਬਾਹ ਹੋ ਜਾਣਗੇ।

13 ਇਹ ਝੂਠੇ ਪ੍ਰਚਾਰਕ ਕਈ ਲੋਕਾਂ ਨੂੰ ਤਸੀਹੇ ਦੇਣ ਦਾ ਕਾਰਣ ਬਣੇ ਹਨ। ਇਸ ਲਈ ਉਹ ਵੀ ਤਸੀਹੇ ਝੱਲਣਗੇ।

ਇਹ ਉਨ੍ਹਾਂ ਦੇ ਬਦੀ ਕਰਨ ਦੀਆਂ ਤਨਖਾਹਾਂ ਹਨ।ਉਹ ਸੋਚਦੇ ਹਨ ਕਿ ਉਨ੍ਹਾਂ ਲਈ ਖੁਲ੍ਹੇਆਮ ਬਦੀ ਕਰਨਾ ਮੌਜ ਹੈ। ਉਹ ਦੁਸ਼ਟ ਗੱਲਾਂ ਕਰਕੇ ਅਨੰਦ ਮਾਣਦੇ ਹਨ ਜੋ ਉਨ੍ਹਾਂ ਨੂੰ ਪ੍ਰਸੰਨ ਕਰਦੀਆਂ ਹਨ। ਇਸ ਲਈ ਜਦੋਂ ਉਹ ਤੁਹਾਡੇ ਨਾਲ ਸਾਂਝੀਆਂ ਦਾਅਵਤਾਂ ਵਿੱਚ ਭੋਜਨ ਖਾਂਦੇ ਹਨ, ਤਾਂ ਉਹ ਤੁਹਾਡੇ ਵਿਚਕਾਰ ਭੱਦੇ ਦਾਗਾਂ ਅਤੇ ਧਬਿਆਂ ਵਰਗੇ ਹਨ।

14 ਹਰ ਵਕਤ ਉਹ ਭੋਗ ਵਿਲਾਸ ਕਰਨ ਲਈ ਔਰਤਾਂ ਨੂੰ ਲਭਦੇ ਰਹਿੰਦੇ ਹਨ। ਉਨ੍ਹਾਂ ਦੀ ਪਾਪ ਕਰਨ ਦੀ ਇੱਛਾ ਕਦੇ ਵੀ ਸੰਤੁਸ਼ਟ ਨਹੀਂ ਹੋਵੇਗੀ। ਉਹ ਉਨ੍ਹਾਂ ਲੋਕਾਂ ਨੂੰ, ਪਾਪ ਦੇ ਜਾਲ ਵਿੱਚ ਫ਼ਸਾਉਂਦੇ ਹਨ ਜਿਹੜੇ ਕਮਜ਼ੋਰ ਹਨ। ਉਹ ਲਾਲਚ ਨਾਲ ਭਰੇ ਹੋਏ ਹਨ ਅਤੇ ਸਰਾਪੇ ਹੋਏ ਹਨ।

15 ਇਨ੍ਹਾਂ ਝੂਠੇ ਪ੍ਰਚਾਰਕਾਂ ਨੇ ਸਹੀ ਰਸਤਾ ਛੱਡ ਕੇ ਗਲਤ ਰਾਹ ਫ਼ੜ ਲਿਆ ਹੈ। ਉਨ੍ਹਾਂ ਨੇ ਉਹੀ ਰਸਤਾ ਫ਼ੜਿਆ ਹੈ ਜਿਹੜਾ ਬਿਲਆਮ ਨੇ ਫ਼ੜਿਆ ਸੀ। ਬਿਲਆਮ ਬਿਓਰ ਦਾ ਪੁੱਤਰ ਸੀ। ਬਿਲਆਮ ਗਲਤ ਕਰਨ ਲਈ ਪੈਸੇ ਕੁਮਾਉਣ ਨੂੰ ਚੰਗਾ ਸਮਝਦਾ ਸੀ।

16 ਪਰ ਇੱਕ ਗਧੇ ਨੇ ਬਿਲਆਮ ਨੂੰ ਦਸਿਆ ਕਿ ਉਹ ਗਲਤ ਕੰਮ ਕਰ ਰਿਹਾ ਸੀ। ਗਧਾ ਬੋਲ ਨਹੀਂ ਸਕਦਾ,
ਪਰ ਇਹ ਇੱਕ ਮਨੁੱਖ ਦੀ ਅਵਾਜ਼ ਵਿੱਚ ਬੋਲਿਆ ਅਤੇ ਨਬੀ ਨੂੰ ਉਸ ਕਮਲੀ ਗੱਲ ਕਰਨ ਤੋਂ ਰੋਕਿਆ। 17
ਇਹ ਝੂਠੇ ਪ੍ਰਚਾਰਕ ਪਾਣੀ ਦੇ ਸੁਕੇ ਹੋਏ ਝਰਨੇ ਹਨ। ਇਹ ਉਨ੍ਹਾਂ ਬੱਦਲਾਂ ਵਰਗੇ ਹਨ ਜਿਨ੍ਹਾਂ ਨੂੰ ਇੱਕ ਬੁੱਲਾ
ਉਡਾ ਲੈ ਜਾਂਦਾ ਹੈ। ਘੋਰ ਅੰਧਕਾਰ ਵਾਲੀ ਥਾਂ ਇਨ੍ਹਾਂ ਲਈ ਜਮ੍ਹਾਂ ਕੀਤੀ ਗਈ ਹੈ। 18 ਇਹ ਝੂਠੇ ਪ੍ਰਚਾਰਕ
ਅਜਿਹੇ ਸ਼ਬਦਾਂ ਨਾਲ ਪਾਪ ਕਰਦੇ ਹਨ ਜਿਨ੍ਹਾਂ ਦਾ ਕੋਈ ਅਰਥ ਨਹੀਂ ਹੁੰਦਾ। ਇਹ ਉਨ੍ਹਾਂ ਲੋਕਾਂ ਨੂੰ ਭਟਕਾਉਂਦੇ
ਹਨ, ਜਿਨ੍ਹਾਂ ਨੇ ਹੁਣੇ ਗਲਤ ਕਰਨ ਵਾਲਿਆਂ ਦੀ ਸੰਗਤ ਛੱਡੀ ਹੋਵੇ। ਉਹ ਅਜਿਹਾ ਆਪਣੇ ਪਾਪੀ ਆਪਿਆਂ
ਦੀਆਂ ਦੁਸ਼ਟ ਇੱਛਾਵਾਂ ਦੁਆਰਾ ਕਰਦੇ ਹਨ। 19 ਇਹ ਝੂਠੇ ਪ੍ਰਚਾਰਕ ਵਾਅਦਾ ਕਰਦੇ ਹਨ ਕਿ ਉਨ੍ਹਾਂ ਲੋਕਾਂ
ਨੂੰ ਅਜ਼ਾਦੀ ਮਿਲੇਗੀ। ਪਰ ਇਹ ਝੂਠੇ ਪ੍ਰਚਾਰਕ ਤਾਂ ਖੁਦ ਵੀ ਅਜ਼ਾਦ ਨਹੀਂ ਹਨ। ਇਹ ਭ੍ਰਸ਼ਟਾਚਾਰ ਦੇ ਗੁਲਾਮ ਹਨ। ਇੱਕ ਵਿਅਕਤੀ ਹਰ ਉਸ ਚੀਜ਼ ਦਾ ਗੁਲਾਮ ਹੈ ਜਿਸਨੇ ਉਸਨੂੰ ਆਪਣੇ ਕਾਬੂ ਹੇਠਾਂ ਕਰ ਲਿਆ ਹੈ।

੨ ਪਤਰਸ 3:3 ਤੁਹਾਡੇ ਲਈ ਇਹ ਜਾਨਣਾ ਜ਼ਰੂਰੀ ਹੈ ਕਿ ਅਖੀਰਲੇ ਦਿਨਾਂ ਵਿੱਚ ਕੀ ਵਾਪਰੇਗਾ। ਲੋਕੀਂ ਆਪਣੀਆਂ ਇੱਛਾਵਾਂ ਅਨੁਸਾਰ ਦੁਸ਼ਟ ਗੱਲਾਂ ਕਰਨਗੇ। ਉਹ ਤੁਹਾਡੇ ਤੇ ਹੱਸਣਗੇ।

੧ ਯੂਹੰਨਾ 2:15-17 ਦੁਨੀਆਂ ਨੂੰ ਜਾਂ ਦੁਨੀਆਂ ਵਿਚਲੀਆਂ ਚੀਜ਼ਾਂ ਨੂੰ ਪਿਆਰ ਨਾ ਕਰੋ। ਜੇ ਕੋਈ ਵਿਅਕਤੀ
ਦੁਨੀਆਂ ਨੂੰ ਪਿਆਰ ਕਰਦਾ ਹੈ, ਤਾਂ ਉਸ ਵਿੱਚ ਪਰਮੇਸ਼ੁਰ ਦਾ ਪਿਆਰ ਨਹੀਂ ਹੈ। 16 ਇਹ ਦੁਨਿਆਵੀ ਗੱਲਾਂ
ਮੰਦੀਆਂ ਹਨ। ਸਾਡੇ ਪਾਪੀ-ਆਪੇ ਦੀਆਂ ਇੱਛਾਵਾਂ, ਉਨ੍ਹਾਂ ਪਾਪੀ ਗੱਲਾਂ ਦੀ ਇੱਛਾ ਜਿਨ੍ਹਾਂ ਨੂੰ ਅਸੀ ਦੇਖਦੇ ਹਾਂ, ਉਨ੍ਹਾਂ ਚੀਜ਼ਾਂ ਦਾ ਬਹੁਤ ਘਮੰਡ ਕਰਨਾ ਜੋ ਸਾਡੇ ਕੋਲ ਹਨ। ਪਰ ਇਨ੍ਹਾਂ ਚੋਂ ਕੋਈ ਵੀ ਚੀਜ਼ ਪਰਮੇਸ਼ੁਰ ਪਾਸੋਂ
ਨਹੀਂ ਆਈ। ਉਹ ਦੁਨੀਆਂ ਵੱਲੋਂ ਹਨ। 17 ਦੁਨੀਆਂ ਅਤੇ ਉਹ ਸਾਰੀਆਂ ਚੀਜ਼ਾਂ ਵੀ ਜਿਹੜੀਆਂ ਦੁਨੀਆਂ ਵਿੱਚ
ਲੋਕ ਚਾਹੁੰਦੇ ਹਨ, ਵਿਨਾਸ਼ਮਾਨ ਹਨ। ਪਰ ਉਹ ਇੱਕ ਜਿਹੜਾ ਪਰਮੇਸ਼ੁਰ ਨੂੰ ਮੰਨਦਾ ਹੈ ਸਦਾ ਜਿਉਂਦਾ ਹੈ।

ਯਹੂ ਦਾਹ 1:11 ਇਹ ਇਨ੍ਹਾਂ ਲਈ ਬੁਰਾ ਹੋਵੇਗਾ। ਇਨ੍ਹਾਂ ਲੋਕਾਂ ਨੇ ਉਹੀ ਰਾਹ ਚੁਣਿਆ ਹੈ ਜਿਸ ਉੱਤੇ ਕਇਨ

ਚਲਿਆ ਸੀ। ਪੈਸਾ ਕਮਾਉਣ ਲਈ ਉਨ੍ਹਾਂ ਨੇ ਆਪਣੇ ਆਪ ਨੂੰ ਉਸੇ ਰਾਹ ਪਾ ਲਿਆ ਹੈ ਜਿਸ ਰਾਹ ਬਿਲਆਮ ਪਿਆ ਸੀ। ਇਹ ਲੋਕ ਪਰਮੇਸ਼ੁਰ ਦੇ ਖਿਲਾਫ਼ ਕੋਰਾਹ ਵਾਂਗ ਲੜੇ ਹਨ ਅਤੇ ਕੋਰਾਹ ਵਾਂਗ ਤਬਾਹ ਹੋ ਜਾਣਗੇ।

ਯਹੂ ਦਾਹ 1:15-19 ਪ੍ਰਭੂ ਹਰ ਵਿਅਕਤੀ ਦਾ ਨਿਰਣਾ ਕਰੇਗਾ। ਪ੍ਰਭੂ ਉਨ੍ਹਾਂ ਸਾਰੇ ਲੋਕਾਂ ਦਾ, ਉਸਦੇ ਖਿਲਾਫ਼ ਕੀਤੀਆਂ ਉਨ੍ਹਾਂ ਸਾਰੀਆਂ ਦੁਸ਼ਟ ਗੱਲਾਂ ਲਈ, ਨਿਰਣਾ ਕਰਨ ਅਤੇ ਉਨ੍ਹਾਂ ਨੂੰ ਸਜ਼ਾ ਦੇਣ ਆ ਰਿਹਾ ਹੈ। ਉਹ ਇਨ੍ਹਾਂ ਪਾਪੀਆਂ ਨੂੰ ਜੋ ਉਸਦੇ ਖਿਲਾਫ਼ ਹਨ ਅਤੇ ਉਨ੍ਹਾਂ ਸਾਰੀਆਂ ਗੱਲਾਂ ਲਈ ਜੋ ਉਨ੍ਹਾਂ ਨੇ ਉਸਦੇ ਖਿਲਾਫ਼ ਕੀਤੀਆਂ ਅਤੇ ਉਨ੍ਹਾਂ ਸਾਰੀਆਂ ਗੱਲਾਂ ਲਈ ਜੋ ਉਨ੍ਹਾਂ ਉਸਦੇ ਖਿਲਾਫ਼ ਆਖੀਆਂ, ਸਜ਼ਾ ਦੇਵੇਗਾ।” 16 ਇਹ ਲੋਕ ਹਮੇਸ਼ਾ ਹੋਰਨਾਂ ਲੋਕਾਂ ਬਾਰੇ ਸ਼ਿਕਾਇਤ ਕਰਦੇ ਰਹਿੰਦੇ ਹਨ ਅਤੇ ਉਨ੍ਹਾਂ ਦੇ ਨੁਕਸ ਕਢਦੇ ਰਹਿੰਦੇ ਹਨ। ਉਹ ਹਮੇਸ਼ਾ ਉਹੀ ਬੁਰੀਆਂ ਗੱਲਾਂ ਕਰਦੇ ਹਨ ਜੋ ਉਹ ਚਾਹੁੰਦੇ ਹਨ। ਉਹ ਆਪਣੇ-ਆਪ ਬਾਰੇ ਸ਼ੇਖੀ ਮਾਰਦੇ ਹਨ। ਉਨ੍ਹਾਂ ਦਾ ਲੋਕਾਂ ਦੀ ਤਾਰੀਫ਼ ਕਰਨ ਦਾ ਕੇਵਲ ਇੱਕ ਕਾਰਣ ਹੁੰਦਾ ਹੈ, ਆਪਣੀ ਮਨ ਇਛਿੱਤ ਵਸਤੂ ਨੂੰ ਪ੍ਰਾਪਤ ਕਰਨਾ। 17 ਪਿਆਰੇ ਮਿੱਤਰੋ ਜੋ ਕੁਝ ਸਾਡੇ ਪ੍ਰਭੂ ਯਿਸੂ ਮਸੀਹ ਦੇ ਰਸੂਲਾਂ ਨੇ ਪਹਿਲਾਂ ਆਖਿਆ ਹੈ ਉਸ ਨੂੰ ਚੇਤੇ ਰਖੋ। 18 ਉਨ੍ਹਾਂ ਨੇ ਤੁਹਾਨੂੰ ਕਿਹਾ, “ਆਖਰੀ ਸਮਿਆਂ ਵਿੱਚ, ਕੁਝ ਲੋਕ ਅਜਿਹੇ ਹੋਣਗੇ ਜਿਹੜੇ ਪਰਮੇਸ਼ੁਰ ਦਾ ਮਜ਼ਾਕ ਉਡਾਉਣਗੇ।” ਇਹ ਲੋਕ ਮਨ ਆਈਆਂ ਕਰਦੇ ਹਨ ਉਹ ਗੱਲਾਂ ਕਰਦੇ ਹਨ ਜੋ ਪਰਮੇਸ਼ੁਰ ਦੇ ਖਿਲਾਫ਼ ਹਨ। 19 ਇਹੀ ਲੋਕ ਹਨ ਜਿਹੜੇ ਤੁਹਾਡੇ ਵਿੱਚ ਫ਼ੁੱਟ ਪਾਉਂਦੇ ਹਨ। ਇਹ ਲੋਕ ਆਪਣੇ ਪਾਪੀ ਆਪੇ ਦੀ ਇੱਛਾ ਅਨੁਸਾਰ ਹੀ ਕਰਦੇ ਹਨ। ਉਨ੍ਹਾਂ ਕੋਲ ਆਤਮਾ ਨਹੀਂ ਹੈ।

ਪਰਕਾਸ਼ ਦੀ ਪੋਥੀ 18:14 ਵਪਾਰੀ ਰੋਣਗੇ ਅਤੇ ਆਖਣਗੇ,‘ਹੇ ਬੇਬੀਲੋਨ ਜਿਹੜੀਆਂ ਚੰਗੀਆਂ ਚੀਜ਼ਾਂ ਤੂੰ ਚਾਹੁੰਦੀ ਸੀ ਉਹ ਤੈਥੋਂ ਖੁਸ ਗਈਆਂ ਹਨ।ਤੇਰੀਆਂ ਸਾਰੀਆਂ ਕੀਮਤੀ ਅਤੇ ਸ਼ਾਨਦਾਰ ਚੀਜ਼ਾਂ ਅਲੋਪ ਹੋ ਗਈਆਂ ਹਨ। ਤੁਸੀਂ ਉਨ੍ਹਾਂ ਵਿੱਚੋਂ ਕੁਝ ਵੀ ਹੋਰ ਚੀਜ਼ਾਂ ਨਹੀਂ ਵੇਖੋਂਗੇ।’

Pastor T. John Franklin
Church of Salvation, Healing, and Deliverance
COS-HAD.org